**ਅੱਜ ਦਾ ਸ਼ੁਭ ਵਿਚਾਰ**



ਆਪਣਿਆਂ ਦੀਆਂ ਖੁਸ਼ੀਆਂ ਲਈ ਖੁੱਦ ਅੰਦਰਲਾ ਦਰਦ ਛੁੱਪਾ ਕੇ ਕੋਲੋ ਲੰਘ ਜਾਣਾ ਵਡੱਪਣ ਹੀ ਤਾਂ ਹੁੰਦੈ॥

**ਅਮਨਦੀਪ ਮਹਿਰਾ**

ਰੋਜ਼ਾਨਾ ਲੋਕ ਬਾਣੀ
www.lokbani.com

ਸੱਚ ਤੇ ਨਿਡਰ ਆਵਾਜ਼

# ਰੋਜ਼ਾਨਾ ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸੋਮਵਾਰ, 03 ਫਰਵਰੀ 2025
Email:- lokbani08@gmail.com



TOURIST VISA USA CANADA
SCHENGEN/ UK AUSTRALIA/ NZ
5057 VISA
ਸਾਲ 2024 ਵਿੱਚ ਲੱਗੇ ਚੈੱਕ ਕਰੋ ਫਿਰ ਅਪਲਾਈ ਕਰੋ
easyvisa
87250 17772



R. N. I. Punpun/29016/2008 * ਸਾਲ 16 , * ਅੰਕ : 230, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181–2211009 * M : 99155-94111



TOURIST VISA USA CANADA
SCHENGEN/ UK AUSTRALIA/ NZ
5057 VISA
ਸਾਲ 2024 ਵਿੱਚ ਲੱਗੇ ਚੈੱਕ ਕਰੋ ਫਿਰ ਅਪਲਾਈ ਕਰੋ
easyvisa | 87250 17772


## ਟਰੰਪ ਨੇ ਕੈਨੇਡਾ, ਮੈਕਸਿਕੋ ਤੇ ਚੀਨ ’ਤੇ ਕਰੜੇ ਟੈਕਸ ਲਾਏ



ਅਮਰੀਕਾ ਲੋਕ ਬਾਣੀ- ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਮੈਕਸਿਕੋ, ਕੈਨੇਡਾ ਤੇ ਚੀਨ ਤੋਂ ਦਰਾਮਦ ਵਸਤਾਂ ’ਤੇ ਕਰੜੇ ਟੈਕਸ ਲਗਾਉਣ ਸਬੰਧੀ ਇਕ ਹੁਕਮ ’ਤੇ ਸ਼ਨਿਚਰਵਾਰ ਨੂੰ ਸਹੀ ਪਾਈ ਹੈ। ਉਧਰ ਉੱਤਰੀ ਅਮਰੀਕੀ ਗੁਆਂਢੀ ਮੁਲਕਾਂ (ਕੈਨੇਡਾ ਤੇ ਮੈਕਸਿਕੋ) ਵੱਲੋਂ ਵਾਰੀ ਦੇ ਵੱਟੇ ਤਹਿਤ ਅਮਰੀਕੀ ਵਸਤਾਂ ’ਤੇ ਟੈਕਸ ਲਗਾਉਣ ਨਾਲ ਵਪਾਰਕ ਜੰਗ ਦਾ ਖ਼ਦਸ਼ਾ ਵਧ ਗਿਆ ਹੈ। ਇਸ ਦੌਰਾਨ ਚੀਨ ਨੇ ਟਰੰਪ ਦੀ ਇਸ ਪੇਸ਼ਕਦਮੀ ਨੂੰ ਲੈ ਕੇ ਫੌਰੀ ਕੋਈ ਪ੍ਰਤੀਕਿਰਿਆ ਨਹੀਂ ਦਿੱਤੀ ਹੈ।


## ਭਾਰਤ ਦੂਜੀ ਵਾਰ ਬਣਿਆ ਚੈਂਪੀਅਨ



ਕੁਆਲਾਲੰਪੁਰ ਲੋਕ ਬਾਣੀ- ਭਾਰਤ ਨੇ ਅੱਜ ਇਕਤਰਫ਼ਾ ਮੁਕਾਬਲੇ ਵਿਚ ਦੱਖਣੀ ਅਫਰੀਕਾ ਨੂੰ ਨੌਂ ਵਿਕਟਾਂ ਨਾਲ ਹਰਾ ਕੇ ਲਗਾਤਾਰ ਦੂਜੀ ਵਾਰ ਅੰਡਰ-19 ਮਹਿਲਾ ਟੀ-20 ਵਿਸ਼ਵ ਕੱਪ ਜਿੱਤ ਲਿਆ ਹੈ। ਖਿਤਾਬੀ ਮੁਕਾਬਲੇ ਦੇ ਆਪਣੇ ਸਫ਼ਰ ਦੌਰਾਨ ਹਰੇਕ ਮੁਕਾਬਲੇ ਵਿਚ ਸੌਖੀ ਜਿੱਤ ਦਰਜ ਕਰਨ ਵਾਲੇ ਭਾਰਤ ਨੇ ਮੁੜ ਆਪਣਾ ਦਬਦਬਾ ਬਣਾਈ ਰੱਖਿਆ।

ਭਾਰਤ ਨੇ ਦੱਖਣੀ ਅਫ਼ਰੀਕਾ ਵੱਲੋਂ ਦਿੱਤੇ 83 ਦੌੜਾਂ ਦੇ ਟੀਚੇ ਨੂੰ 52 ਗੇਂਦਾਂ ਬਾਕੀ ਰਹਿੰਦਿਆਂ 11.2 ਓਵਰਾਂ ਵਿਚ ਇਕ ਵਿਕਟ ’ਤੇ 84 ਦੌੜਾਂ ਬਣਾ ਕੇ ਪੂਰਾ ਕੀਤਾ। ਭਾਰਤ ਬਿਨਾਂ ਕੋਈ ਮੈਚ ਗੁਆਇਆਂ ਟੂਰਨਾਮੈਂਟ ਜਿੱਤਣ ਵਾਲੀ ਪਹਿਲੀ ਟੀਮ ਵੀ ਬਣਿਆ। ਗੋਂਗਾਡੀ ਤ੍ਰਿਸ਼ਾ 33 ਗੇਂਦਾਂ ਉੱਤੇ ਨਾਬਾਦ 44 ਦੌੜਾਂ ਬਣਾ ਕੇ ਭਾਰਤ ਲਈ ਟੌਪ ਸਕੋਰਰ ਰਹੀ। ਸਾਨਿਕਾ ਚਾਲਕੇ ਨੇ ਵੀ 22 ਗੇਂਦਾਂ ਵਿਚ ਨਾਬਾਦ 26 ਦੌੜਾਂ ਬਣਾਈਆਂ।

## ਗੁਜਰਾਤ ਵਿਚ ਬੇਕਾਬੂ ਬੱਸ ਖੱਡ ’ਚ ਡਿੱਗੀ, 5 ਹਲਾਕ, 35 ਜ਼ਖ਼ਮੀ



ਗੁਜਰਾਤ ਲੋਕ ਬਾਣੀ- -ਗੁਜਰਾਤ ਦੇ ਡਾਂਗ ਜ਼ਿਲ੍ਹੇ ਵਿਚ ਐਤਵਾਰ ਵੱਡੇ ਤੜਕੇ ਇਕ ਨਿੱਜੀ ਬੱਸ ਦੇ ਡੂੰਘੀ ਖੱਡ ਵਿਚ ਡਿੱਗਣ ਕਰਕੇ ਡਰਾਈਵਰ ਤੇ ਦੋ ਮਹਿਲਾਵਾਂ ਸਣੇ ਪੰਜ ਵਿਅਕਤੀਆਂ ਦੀ ਮੌਤ ਹੋ ਗਈ ਜਦੋਂਕਿ 35 ਹੋਰ ਜ਼ਖ਼ਮੀ ਦੱਸੇ ਜਾਂਦੇ ਹਨ। ਬੱਸ ਵਿਚ ਕੁੱਲ 48 ਸ਼ਰਧਾਲੂ ਸਵਾਰ ਸਨ, ਜੋ ਵੱਖ ਵੱਖ ਧਾਰਮਿਕ ਅਸਥਾਨਾਂ ਦੀ ਯਾਤਰਾ ਲਈ ਨਿਕਲੇ ਸਨ। ਜ਼ਖ਼ਮੀਆਂ ਵਿਚੋਂ 17 ਜਣਿਆਂ ਦੇ ਗੰਭੀਰ ਸੱਟਾਂ ਲੱਗੀਆਂ ਹੈ। ਐੱਸਪੀ ਐੱਸਜੀ ਪਾਟਿਲ ਨੇ ਕਿਹਾ ਕਿ ਹਾਦਸਾ ਸਵੇਰੇ ਸਵਾ ਚਾਰ ਵਜੇ ਦੇ ਕਰੀਬ ਹੋਇਆ ਜਦੋਂ ਸਪੁਤਾਰਾ ਹਿੱਲ ਸਟੇਸ਼ਨ ਨੇੜੇ ਬੱਸ ਬੇਕਾਬੂ ਹੋ ਗਈ।

## 12 ਲੱਖ ਰੁਪਏ ਦੀ ਸਾਲਾਨਾ ਆਮਦਨ ’ਤੇ ਨਹੀਂ ਲੱਗੇਗਾ ਟੈਕਸ, ਨਵੇਂ ਟੈਕਸ ਪ੍ਰਬੰਧ ਤਹਿਤ ਹੀ ਮਿਲੇਗਾ ਫਾਇਦਾ





ਨਵੀਂ ਦਿੱਲੀ, ਲੋਕ ਬਾਣੀ- ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਆਸ ਮੁਤਾਬਕ ਮੱਧ ਵਰਗ ਨੂੰ ਵੱਡੀ ਰਾਹਤ ਦਿੰਦਿਆਂ 12 ਲੱਖ ਰੁਪਏ ਦੀ ਸਾਲਾਨਾ ਆਮਦਨ ਨੂੰ ਪੂਰੀ ਤਰ੍ਹਾਂ ਟੈਕਸ ਮੁਕਤ ਕਰਨ ਦਾ ਐਲਾਨ ਕੀਤਾ ਹੈ। ਉਂਝ ਇਹ ਛੋਟ ਸਿਰਫ਼ ਨਵੇਂ ਟੈਕਸ ਪ੍ਰਬੰਧ ਤਹਿਤ ਹੀ ਮਿਲੇਗੀ। ਸਟੈਂਡਰਡ ਕਟੌਤੀ (ਐੱਸਡੀ) 75,000 ਰੁਪਏ ਨਾਲ ਨੌਕਰੀਪੇਸ਼ਾ ਲੋਕਾਂ ਨੂੰ ਹੁਣ 12.75 ਲੱਖ ਰੁਪਏ ਤੱਕ ਦੀ ਸਾਲਾਨਾ ਆਮਦਨ ਉੱਤੇ ਕੋਈ ਟੈਕਸ ਨਹੀਂ ਲੱਗੇਗਾ। ਵਿੱਤ ਮੰਤਰੀ ਨੇ ਕਿਹਾ ਕਿ ਟੈਕਸ ਛੋਟ ਨਾਲ ਮੱਧ ਵਰਗ ਦੇ ਲੋਕਾਂ ਕੋਲ ਖਪਤ ਲਈ ਜਿੱਥੇ ਵਧੇਰੇ ਪੈਸੇ ਬਚਣਗੇ, ਉਥੇ ਨਿਵੇਸ਼ ਤੇ ਬੱਚਤ ਵੀ ਵਧੇਗੀ। ਇਸ ਨਵੇਂ ਪ੍ਰਬੰਧ ਤਹਿਤ 12 ਲੱਖ ਰੁਪਏ ਤੱਕ ਦੀ ਆਮਦਨ ’ਤੇ 80 ਹਜ਼ਾਰ ਰੁਪਏ ਅਤੇ 18 ਲੱਖ ਰੁਪਏ ਦੀ ਸਾਲਾਨਾ ਆਮਦਨ ’ਤੇ 70 ਹਜ਼ਾਰ ਰੁਪਏ ਬਚਣਗੇ।

## ਬਜਟ 2025 ਕੇਂਦਰੀ ਕੈਬਨਿਟ ਵੱਲੋਂ ਬਜਟ ਨੂੰ ਮਨਜ਼ੂਰੀ



ਨਵੀਂ ਦਿੱਲੀ, ਲੋਕ ਬਾਣੀ- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰੀ ਕੈਬਨਿਟ ਨੇ ਵਿੱਤੀ ਸਾਲ 2025-26 ਲਈ ਆਮ ਬਜਟ ਨੂੰ ਮਨਜ਼ੂਰੀ ਦੇ ਦਿੱਤੀ ਹੈ। ਮੋਦੀ ਸਰਕਾਰ ਦੇ ਤੀਜੇ ਕਾਰਜਕਾਲ ਦਾ ਇਹ ਦੂਜਾ ਬਜਟ ਹੈ। ਕੈਬਨਿਟ ਮੀਟਿੰਗ ਮਗਰੋਂ ਸ੍ਰੀ ਮੋਦੀ ਨੇ ਕਿਹਾ ਕਿ ਇਹ ਆਮ ਲੋਕਾਂ ਦਾ ਬਜਟ ਹੋਵੇਗਾ। ਵਿੱਤ ਮੰਤਰੀ ਨਿਰਮਲਾ ਸੀਤਾਰਮਨ ਸਵੇਰੇ 11 ਵਜੇ ਲੋਕ ਸਭਾ ਵਿਚ ਵਿੱਤੀ ਸਾਲ 2025-26 ਦਾ ਬਜਟ ਪੇਸ਼ ਕਰਨਗੇ। ਇਸ ਤੋਂ ਪਹਿਲਾਂ ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਵੀ ਕੇਂਦਰੀ ਬਜਟ ਨੂੰ ਰਸਮੀ ਮਨਜ਼ੂਰੀ ਦੇ ਦਿੱਤੀ।

## ਪਾਵਰਕੌਮ ਦਾ ਜੇਈ ਰਿਸ਼ਵਤ ਲੈਂਦਾ ਕਾਬੂ



ਬਠਿੰਡਾ, ਲੋਕ ਬਾਣੀ-- ਪੰਜਾਬ ਵਿਜੀਲੈਂਸ ਬਿਊਰੋ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਭੁੱਚੋ ਸਥਿਤ ਦਫ਼ਤਰ ’ਚ ਤਾਇਨਾਤ ਜੂਨੀਅਰ ਇੰਜਨੀਅਰ ਸੰਦੀਪ ਕੁਮਾਰ ਨੂੰ 7000 ਰੁਪਏ ਦੀ ਕਥਿਤ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਬੁਲਾਰੇ ਨੇ ਕਿਹਾ ਕਿ ਮੁਲਜ਼ਮ ਨੂੰ ਗੁਰਦਾਸ ਸਿੰਘ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਮੁਲਜ਼ਮ ਨੇ ਘਰੇਲੂ ਸਪਲਾਈ ਲਈ ਨਵਾਂ ਟਰਾਂਸਫਾਰਮਰ ਲਾਉਣ ਬਦਲੇ 7000 ਰੁਪਏ ਰਿਸ਼ਵਤ ਦੀ ਮੰਗ ਕੀਤੀ ਹੈ।

## ਚੋਰੀ ਦਾ ਮੋਟਰਸਾਈਕਲ ਤੇ ਚੀਨੀ ਡੋਰ ਦੇ ਗੱਟੂ ਬਰਾਮਦ



ਸੁਨਾਮ ਊਧਮ ਸਿੰਘ ਵਾਲਾ: ਲੋਕ ਬਾਣੀ - ਇੱਥੋਂ ਦੀ ਪੁਲੀਸ ਨੇ ਇਕ ਵਿਅਕਤੀ ਕੋਲੋਂ ਚੋਰੀ ਦੇ ਮੋਟਰਸਾਈਕਲ ਸਮੇਤ 25 ਗੱਟੂ ਚੀਨੀ ਡੋਰ ਬਰਾਮਦ ਕੀਤੀ ਹੈ। ਡੀਐੱਸਪੀ ਸੁਨਾਮ ਹਰਵਿੰਦਰ ਸਿੰਘ ਖਹਿਰਾ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਸ਼ਾਮ ਸਿੰਘ ਨੂੰ ਗਸ਼ਤ ਦੌਰਾਨ ਇਤਲਾਹ ਮਿਲੀ ਸੀ ਕਿ ਬਲਵਿੰਦਰ ਸਿੰਘ ਉਰਫ ਬਿੰਦਰ ਵਾਸੀ ਪਿੰਡ ਕੁਲਾਰ ਖੁਰਦ ਚੋਰੀ ਦੇ ਮੋਟਰਸਾਈਕਲ ’ਤੇ ਪਿੰਡ ਰਵਿਦਾਸਪੁਰਾ ਟਿੱਬੀ ਵਿੱਚ ਚੀਨੀ ਡੋਰ ਵੇਚਣ ਆ ਰਿਹਾ ਹੈ। ਡੀਐੱਸਪੀ ਖਹਿਰਾ ਨੇ ਕਿਹਾ ਕਿ ਸਹਾਇਕ ਥਾਣੇਦਾਰ ਸ਼ਾਮ ਸਿੰਘ ਵਲੋਂ ਸਮੇਤ ਪੁਲੀਸ ਪਾਰਟੀ ਤੁਰੰਤ ਨਾਕਾਬੰਦੀ ਕਰਕੇ ਬਲਵਿੰਦਰ ਸਿੰਘ ਉਰਫ ਬਿੰਦਰ ਵਾਸੀ ਕੁਲਾਰ ਖੁਰਦ ਨੂੰ ਕਾਬੂ ਕਰ ਲਿਆ ਗਿਆ। ਪੁਲੀਸ ਨੇ ਮੁਲਜ਼ਮ ਖਿਲਾਫ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਆਰੰਭ ਦਿੱਤੀ ਹੈ।

## ਟਰਾਂਸਫਾਰਮ ’ਤੇ ਕੰਮ ਕਰਦੇ ਨੌਜਵਾਨ ਦੀ ਕਰੰਟ ਲੱਗਣ ਕਾਰਨ ਮੌਤ



ਸ਼ੇਰਪੁਰ ਲੋਕ ਬਾਣੀ- ਬਲਾਕ ਸ਼ੇਰਪੁਰ ਦੇ ਪਿੰਡ ਈਸਾਪੁਰ ਲੰਡਾ ਵਿੱਚ ਟਰਾਂਸਫਾਰਮ ’ਤੇ ਕੰਮ ਕਰਦੇ ਇੱਕ ਨੌਜਵਾਨ ਦੀ ਕਰੰਟ ਲੱਗਣ ਕਾਰਨ ਮੌਤ ਹੋ ਗਈ। ਜਾਣਕਾਰੀ ਅਨੁਸਾਰ ਪਾਵਰਕੌਮ ਦਫ਼ਤਰ ਸੇਰਵਾਨੀਕੋਟ ਜ਼ਿਲ੍ਹਾ ਮਾਲੇਰਕੋਟਲਾ ਨਾਲ ਸਬੰਧਤ ਪਿੰਡ ਈਸਪੁਰ ਦੇ ਨੌਜਵਾਨ ਚਰਨਜੀਤ ਸਿੰਘ (35) ਨੂੰ ਪਾਵਰਕੌਮ ਦੇ ਮੁਲਾਜ਼ਮ ਅਕਸਰ ਬਿਜਲੀ ਦੇ ਪਏ ਫਾਲਟ ਕੱਢਣ ਲਈ ਲਿਜਾਂਦੇ ਸਨ। ਬੀਕੇਯੂ ਡਕੌਂਦਾ (ਬੁਰਜਗਿੱਲ) ਦੇ ਜ਼ਿਲ੍ਹਾ ਆਗੂ ਸਮਸ਼ੇਰ ਸਿੰਘ ਈਸਾਪੁਰ ਨੇ ਦੱਸਿਆ ਕਿ ਲਾਸ਼ ਦਾ ਪੋਸਟਮਾਰਟਮ ਭਲਕੇ ਹੋਣ ਦੀ ਸੰਭਾਵਨਾ ਹੈ। ਐੱਸਐੱਚਓ ਕਰਮਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੇ ਰਿਸ਼ਤੇਦਾਰਾਂ ਦੇ ਬਿਆਨਾਂ ’ਤੇ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।





ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

# ਨਵਦੀਪ ਸਿੰਘ ਰੈਂਕਲ ਕਨੇਡਾ ਦੀ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਹੋਇਆ









ਡੇਹਲੋਂ (ਲੋਕ ਬਾਣੀ)- ਨੇੜਲੇ ਪਿੰਡ ਲੀਲ ਜ਼ਿਲ੍ਹਾ ਲੁਧਿਆਣਾ ਦੇ ਸਾਬਕਾ ਸਰਪੰਚ ਸਵ. ਗੁਰਮੇਲ ਸਿੰਘ ਅਤੇ ਪ੍ਰਿੰਸੀਪਲ ਸੁਰਜੀਤ ਕੌਰ ਕਨੇਡਾ ਦੇ ਨੌਜਵਾਨ ਸਪੁੱਤਰ ਨਵਦੀਪ ਸਿੰਘ ਰਿੰਕਲ ਕਨੇਡਾ ਜੋ ਕਿ ਕਨੇਡਾ ਚ ਕੁਝ ਸਮਾਂ ਬੀਮਾਰ ਰਹਿਣ ਪਿਛੋਂ 15 ਮਾਰਚ 2024 ਨੂੰ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ ਉਹਨਾਂ ਦੀ ਆਤਮਿਕ ਸ਼ਾਂਤੀ ਲਈ ਉਹਨਾਂ ਦੇ ਗ੍ਰਹਿ ਪਿੰਡ ਲੀਲ ਜ਼ਿਲ੍ਹਾ ਲੁਧਿਆਣਾ ਵਿਖੇ ਅੱਜ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਬਾਬਾ ਨਛੱਤਰ ਸਿੰਘ ਲੀਲ੍ਹਾ ਦੇ ਕੀਰਤਨੀ ਜੱਥੇ ਨੇ ਜਿਥੇ ਨਵਦੀਪ ਸਿੰਘ ਰੈਂਕਲ ਦੇ ਜੀਵਨ ਵਾਰੇ ਚਾਨਣਾ ਪਾਇਆ ਓਥੇ ਹੀ ਉਹਨਾਂ ਨੇ ਸੰਗਤ ਨੂੰ ਗੁਰਬਾਣੀ ਨਾਲ ਜੋੜਿਆਂ ਅਤੇ ਪ੍ਰਮਾਤਮਾ ਅੱਗੇ ਅਰਦਾਸ ਬੇਨਤੀ ਕੀਤੀ ਕਿ ਵਹਿਗੁਰੂ ਉਹਨਾਂ ਦੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਿਛੋਂ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਇਸ ਮੌਕੇ ਸਾਬਕਾ ਸਰਪੰਚ ਡਾ ਹਰਮੀਤ ਸਿੰਘ ਨੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਰੈਂਕਲ ਬਹੁਤ ਹੀ ਨੇਕ ਸੁਭਾਅ ਦਾ ਮਾਲਕ ਸੀ ਹਰ ਇਕ ਨੂੰ ਪਿਆਰ ਨਾਲ ਮਿਲਦਾ ਸੀ ਉਹਨਾਂ ਕਿਹਾ ਕਿ ਰੈਂਕਲ ਦੀ ਹੋਈ ਬੇਵਕਤੀ ਮੌਤ ਨਾਲ ਜਿਥੇ ਪਰਿਵਾਰ ਨੂੰ ਬਹੁਤ ਵੱਡਾ ਘਾਟਾ ਪਿਆ ਓਥੇ ਹੀ ਸਾਰੇ ਰਿਸ਼ਤੇਦਾਰ ਸਾਕ ਸਬੰਧੀਆਂ ਅਤੇ ਪਿੰਡ ਲੀਲ ਨੂੰ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ। ਇਸ ਮੌਕੇ ਸਾਬਕਾ ਸਰਪੰਚ ਡਾ ਹਰਮੀਤ ਸਿੰਘ ਨੇ ਆਏ ਹੋਏ ਸਾਕ ਸਬੰਧੀਆਂ ਇਲਾਕੇ ਦੇ ਪੰਚਾਂ ਸਰਪੰਚਾਂ ਅਤੇ ਨਗਰ ਨਿਵਾਸੀਆਂ ਦਾ ਅੰਤਿਮ ਅਰਦਾਸ ਵਿੱਚ ਪਹੁੰਚਣ ਲਈ ਧੰਨਵਾਦ ਕੀਤਾ। ਇਸ ਮੌਕੇ ਸਾਬਕਾ ਮੰਤਰੀ ਜਗਦੀਸ਼ ਸਿੰਘ ਗਰਚਾ ਅਤੇ ਬਿਕਰਮਜੀਤ ਸਿੰਘ ਖਾਲਸਾ ਨੇ ਪਰਿਵਾਰ ਦੇ ਗ੍ਰਹਿ ਵਿਖੇ ਪਹੁੰਚ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਕਨੇਡਾ ਫੈਡਰੇਸ਼ਨ ਦੇ ਪ੍ਰਧਾਨ ਕਰਨੈਲ ਸਿੰਘ ਦਿਓਲ, ਹਰਿੰਦਰ ਸਿੰਘ ਲਿੱਧੜ, ਅਵਤਾਰ ਸਿੰਘ ਚੇਅਰਮੈਨ, ਰਿੱਕੀ ਕਨੇਡਾ, ਮਨਦੀਪ ਕਨੇਡਾ, ਹਰਜਿੰਦਰ ਸਿੰਘ ਸੰਘੇੜਾ, ਸ਼ਿਵ ਸਿੰਘ ਸਾਬਕਾ ਸਰਪੰਚ, ਬੇਅੰਤ ਸਿੰਘ ਸਰਪੰਚ, ਸਰਪੰਚ ਪਿੰਡ ਲੀਲ੍ਹਾ, ਚਰਨਜੀਤ ਸਿੰਘ ਸਰਪੰਚ ਪੱਖੋਵਾਲ, ਗਿਆਨ ਸਿੰਘ ਖਾਲਸਾ ,ਹਾਕਮ ਸਿੰਘ ਪ੍ਰਿੰਸੀਪਲ, ਗੁਰਮੇਲ ਸਿੰਘ ਪ੍ਰਿੰਸੀਪਲ, ਬਹਾਦਰ ਸਿੰਘ ਸਰਪੰਚ ਤੁੰਗਾਹੇੜੀ, ਸਰਪੰਚ ਡਾਂਗੋ, ਸਰਪੰਚ ਕੈਲੇ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਅਤੇ ਨਗਰ ਨਿਵਾਸੀ ਹਾਜ਼ਰ ਸਨ।

# ਡਾ. ਭੀਮ ਰਾਓ ਅੰਬੇਦਕਰ ਦੇ ਬੁੱਤ ਤੋੜਨ ਵਿੳੁਰੁਧ ਦਲਿਤ ਜਥੇਬੰਦੀਆਂ ਵੱਲੋਂ ਅਮਰਗੜ੍ਹ ਬਜ਼ਾਰ ਵਿੱਚ ਕੀਤਾ ਰੋਸ ਪ੍ਰਦਰਸ਼ਨ



ਮਾਲੇਰਕੋਟਲਾ/ਅਮਰਗੜ੍ਹ (ਲੋਕ ਬਾਣੀ) -ਅੰਮ੍ਰਿਤਸਰ ਵਿਖੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਜੀ ਦੇ ਬੁੱਤ ਨੂੰ ਤੋੜਨ ਵਿਰੁੱਧ ਵੱਖ-ਵੱਖ ਅੰਬੇਦਕਰ ਜਥੇਬੰਦੀਆਂ, ਸਮਾਜ ਸੇਵੀ ਸੰਸਥਾਵਾਂ ਅਤੇ ਮਸੀਹ ਭਾਈਚਾਰਾ ਵੱਲੋਂ ਅਮਰਗੜ੍ਹ ਬਜ਼ਾਰ ਵਿੱਚ ਰੋਸ ਪ੍ਰਦਰਸ਼ਨ ਕੀਤਾ ਗਿਆ। ਜਿਸ ਵਿੱਚ ਵੱਖ-ਵੱਖ ਦਲਿਤ ਜਥੇਬੰਦੀਆਂ ਦੇ ਅਹੁਦੇਦਾਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਰੋਸ਼ ਪ੍ਰਦਰਸ਼ਨ ਦੀ ਅਗਵਾਈ ਪਾਸਟਰ ਭਰਪੂਰ ਸਿੰਘ ਜੱਸੀ ਲਾਗੜੀਆਂ, ਪਾਸਟਰ ਦਰਸ਼ਨ ਸਿੰਘ ਅਮਰਗੜ੍ਹ, ਗੁਰਜੰਟ ਸਿੰਘ ਢਢੋਗਲ, ਗੁਰਪ੍ਰੀਤ ਸਿੰਘ ਬਾਬਾ ਮੁੱਲਾਬੱਧਾ, ਰਾਜਿੰਦਰ ਸਿੰਘ ਮੰਨਵੀ, ਚਮਕੌਰ ਸਿੰਘ ਗਿੱਲ, ਅਵਤਾਰ ਸਿੰਘ ਝੱਲ ਅਤੇ ਸਤਵਿੰਦਰ ਕੌਰ ਗੀਗਾਮਾਜਰਾ ਆਦਿ ਨੇ ਕੀਤੀ। ਇਸ ਮੌਕੇ ਸਮੂਹ ਬੁਲਾਰਿਆ ਨੇ ਕੇਂਦਰ ਦੀ ਭਾਜਪਾ ਸਰਕਾਰ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਬੁਲਾਰਿਆਂ ਨੇ ਇਤਿਹਾਸਕ ਨਗਰ ਸ਼੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸਮਾਜ ਵਿਰੋਧੀ ਅਨਸਰਾਂ ਵੱਲੋਂ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਜੀ ਦੇ ਬੁੱਤ ਦਾ ਅਪਮਾਨ ਕਰਨ ਦੀ ਘੋਰ ਨਿੰਦਾ ਕੀਤੀ ਅਤੇ ਪੰਜਾਬ ਸਰਕਾਰ ਨੂੰ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਦੀ ਵੀ ਮੰਗ ਕੀਤੀ ਤਾਂ ਜੋ ਸਾਜ਼ਿਸ਼ ਘੜਤਾ ਮੁੱਖ ਦੋਸ਼ੀਆਂ ਨੂੰ ਆਵਾਮ ਦੇ ਸਾਹਮਣੇ ਲਿਆਂਦਾ ਜਾਵੇ। ਇਸ ਸਮੇਂ ਰੋਸ਼ ਧਰਨੇ ਨੂੰ ਸੰਬੋਧਨ ਕਰਦਿਆਂ ਵੱਖੋ-ਵੱਖ ਬੁਲਾਰਿਆ ਨੇ ਆਪੋ-ਆਪਣੇ ਸ਼ਬਦਾਂ ਰਾਹੀਂ ਬਾਬਾ ਸਾਹਿਬ ਨੂੰ ਸ਼ਰਧਾਂਜਲੀ ਦਿੰਦੇ ਹੋਏ ਕਰੜੇ ਸ਼ਬਦਾਂ ਵਿੱਚ ਇਸ ਘਟਨਾ ਦੀ ਨਿਖੇਦੀ ਕੀਤੀ। ਇਸ ਮੌਕੇ ਬੋਲਦੇ ਸਮਾਜਸੇਵੀ ਤੇ ਕਿਸਾਨ ਆਗੂ ਸਤਵੀਰ ਸਿੰਘ ਸੀਰਾ ਬਨਭੌਰਾ, ਬਹੁਜਨ ਸਮਾਜ ਪਾਰਟੀ ਦੇ ਆਗੂ ਤਾਰਾ ਸਿੰਘ ਰੋਹੀੜਾ, ਮਾਸਟਰ ਰਾਮਧਨ ਸਿੰਘ ਝੱਲ, ਹਰਿੰਦਰ ਸਿੰਘ ਝੱਲ, ਪਾਸਟਰ ਦਰਸ਼ਨ ਸਿੰਘ ਅਮਰਗੜ੍ਹ ਅਤੇ ਅਵਤਾਰ ਸਿੰਘ ਝੱਲ ਨੇ ਸ਼੍ਰੀ ਅੰਮ੍ਰਿਤਸਰ ਵਿਖੇ ਬਾਬਾ ਸਾਹਿਬ ਦੇ ਬੁੱਤ ਦੇ ਕੀਤੇ ਅਪਮਾਨ ਦੀ ਜ਼ੋਰਦਾਰ ਨਿੰਦਾ ਕਰਦਿਆਂ ਆਖਿਆ ਕਿ ਬਾਵਾ ਸਾਹਿਬ ਦੇ ਬੁੱਤ ਦਾ ਅਪਮਾਨ ਅੱਜ ਇਕੱਲੇ ਅੰਮ੍ਰਿਤਸਰ ਵਿਖੇ ਨਹੀਂ ਹੋਇਆ ਬਲਕਿ ਸਮੂਚੇ ਦੇਸ਼ ਅੰਦਰ ਅਪਮਾਨ ਕੀਤਾ ਜਾ ਰਿਹਾ ਹੈ ਅਤੇ ਇਹ ਇਕ ਸੋਚੀ ਸਮਝੀ ਸਾਜਿਸ਼ ਦਾ ਸਿੱਟਾ ਹੈ। ਉਨ੍ਹਾਂ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਦੇਸ਼ ਦੇ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਜੀ ਖਿਲਾਫ ਕੀਤੀਆਂ ਅਪਮਾਨ ਜਨਕ ਟਿਪਣੀਆਂ ਨਾਲ ਸਮਾਜ ਵਿਰੋਧੀ ਅਨਸਰਾਂ ਨੂੰ ਬਲ ਮਿਲਿਆ ਹੈ। ਸ਼ੀਰਾ ਬਨਭੌਰਾ ਨੇ ਕਿਹਾ ਕਿ ਬਾਬਾ ਸਾਹਿਬ ਕਿਸੇ ਇੱਕ ਤਬਕੇ ਦੇ ਨਹੀਂ ਬਲਕਿ ਸਮੁੱਚੇ ਸਮਾਜ ਦੇ ਆਗੂ ਹਨ ਜਿੰਨ੍ਹਾਂ ਨੇ ਸਾਨੂੰ ਮਾਣ-ਸਨਮਾਨ ਨਾਲ ਜਿਉਣ ਦਾ ਅਧਿਕਾਰ ਲੈ ਕੇ ਦਿੱਤਾ ਅਤੇ ਆਪਣੇ ਹੱਕਾਂ ਲਈ ਲੜਨਾ ਸਿਖਾਇਆ। ਦਲਿਤ ਆਗੂਆਂ ਨੇ ਕਿਹਾ ਕਿ ਅਮਿਤ ਸ਼ਾਹ ਵੱਲੋਂ ਕੀਤੀਆਂ ਟਿੱਪਣੀਆਂ ਤੋਂ ਸਾਫ ਹੋ ਗਿਆ ਹੈ ਕਿ ਕੇਂਦਰ ਦੀ ਭਾਜਪਾ ਸਰਕਾਰ ਸੰਵਿਧਾਨ ਵਿਰੋਧੀ ਹੈ ਅਤੇ ਭਾਜਪਾ ਇਸ ਸੰਵਿਧਾਨ ਨੂੰ ਬਦਲਣਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਜੀ ਨੇ ਅਜਿਹਾ ਸੰਵਿਧਾਨ ਦਿੱਤਾ ਹੈ ਜੋ ਸਾਰੇ ਦੇਸ਼ ਵਾਸੀਆਂ ਨੂੰ ਬਰਾਬਰ ਦੇ ਅਧਿਕਾਰ ਦਿੰਦਾ ਹੈ। ਰੋਸ਼ ਪ੍ਰਦਰਸ਼ਨ ਉਪਰੰਤ ਸਮੂਹ ਜਥੇਬੰਦੀਆਂ ਨੇ ਸਾਂਝੇ ਰੂਪ ਵਿੱਚ ਨਾਇਬ ਤਹਿਸੀਲਦਾਰ ਅਮਰਗੜ੍ਹ ਪ੍ਰਿਯੰਕਾ ਰਾਣੀ ਤੇ ਡੀ. ਐਸ.ਪੀ ਦਵਿੰਦਰ ਸਿੰਘ ਸੰਧੂ ਨੂੰ ਮੁੱਖ ਮੰਤਰੀ ਦੇ ਨਾਮ ਦਾ ਮੰਗ ਪੱਤਰ ਦਿੰਦਿਆਂ ਉੱਚ ਪੱਧਰੀ ਜਾਂਚ ਦੀ ਮੰਗ ਕੀਤੀ। ਇਸ ਮੌਕੇ ਰਾਜਿੰਦਰ ਸਿੰਘ ਮੰਨਵੀ, ਤਾਰਾ ਸਿੰਘ ਰੋਹੀੜਾ, ਨਛੱਤਰ ਸਿੰਘ, ਬੱਗਾ ਮਾਣਕ, ਆਸ਼ੂ ਗਿੱਲ, ਚਮਕੌਰ ਗਿੱਲ, ਗਗਨ ਝੱਲ, ਪਾਸਟਰ ਭਰਪੂਰ ਜੱਸੀ ਲਾਂਗੜੀਆਂ, ਪਾਸਟਰ ਅਵਤਾਰ ਸਿੰਘ ਲਾਗੜੀਆਂ, ਪਾਸਟਰ ਦਰਸ਼ਨ ਸਿੰਘ ਅਮਰਗੜ੍ਹ, ਜੋਗਾ ਲਾਂਗੜੀਆਂ, ਲਾਲ ਸਿੰਘ, ਜੋਗਿੰਦਰ ਸਿੰਘ ਨੰਗਲ, ਗੁਰਪ੍ਰੀਤ ਬਾਬਾ ਮੁੱਲਾਬੱਧਾ, ਸਤਵੀਰ ਸਿੰਘ ਸ਼ੀਰਾ ਬਨਭੌਰਾ, ਮਾਸਟਰ ਰਾਮਧਾਨ ਸਿੰਘ, ਜੋਤੀ ਭੂੰਦਾਂ, ਵਿਜੈ ਕੁਮਾਰ, ਹਾਕਮ ਸਿੰਘ ਸਰਬਰਪੁਰ, ਧੌਲ ਸਿੰਘ ਅਮਰਗੜ੍ਹ, ਗੁਰਦੇਵ ਸਿੰਘ ਜੰਡਾਲੀ, ਮੇਲਾ ਸਿੰਘ ਸੂਬੇਦਾਰ ਮਾਣਕਮਾਜਰਾ, ਜਸਵਿੰਦਰ ਸਿੰਘ ਸਰਪੰਚ ਗੀਗਾਮਾਜਰਾ, ਹਰਭਜਨ ਸਿੰਘ, ਲਖਵੀਰ ਸਿੰਘ ਜੰਡਾਲੀ, ਗੁਰਦੇਵ ਸਿੰਘ ਜੰਡਾਲੀ, ਕਾਕਾ ਅਮਰਗੜ੍ਹ ਤੋਂ ਇਲਾਵਾਂ ਵੱਡੀ ਗਿਣਤੀ ਵਿੱਚ ਔਰਤਾਂ ਵੀ ਹਾਜ਼ਰ ਸਨ।

# ਸਲਾਨਾ ਜੋੜ ਮੇਲੇ ਮੌਕੇ ਨਗਰ ਕੀਰਤਨ ਸਜਾਇਆ



ਹਠੂਰ (ਲੋਕ ਬਾਣੀ)-ਗੁਰੂ ਗੋਬਿੰਦ ਸਿੰਘ ਜੀ ਅਤੇ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਜੰਡ ਸਾਹਿਬ ਪਿੰਡ ਜੱਟਪੁਰਾ ਦੇ ਸਲਾਨਾ ਸਮਾਗਮ ਮੌਕੇ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ਜਿਸ ਦੀ ਅਗਵਾਈ ਪੰਜ ਪਿਆਰਿਆਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਪੂਰੇ ਪਿੰਡ ਵਿੱਚ ਥਾਂ ਥਾਂ ਸਵਾਗਤ ਕੀਤਾ ਗਿਆ ਅਤੇ ਵੱਖ ਵੱਖ ਆਗੂਆਂ ਨੇ ਹਾਜ਼ਰੀ ਭਰੀ ਕਥਾ ਵਾਚਕ ਭਾਈ ਦਰਸ਼ਨ ਸਿੰਘ ਖਾਲਸਾ ਜੱਟਪੁਰਾ, ਪ੍ਰਧਾਨ ਬਹਾਦਰ ਸਿੰਘ, ਪ੍ਰਧਾਨ ਮਨਜਿੰਦਰ ਸਿੰਘ ਜੱਟਪੁਰਾ ਅਤੇ ਸਰਪੰਚ ਰੁਪਿੰਦਰ ਕੌਰ ਨੇ ਦੱਸਿਆ ਕਿ ਹਰ ਸਾਲ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਲਾਨਾ ਸਮਾਗਮ ਬਹੁਤ ਹੀ ਸ਼ਰਧਾ ਨਾਲ ਮਨਾਇਆ ਜਾਂਦਾ ਹੈ ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ ਜਿਨ੍ਹਾਂ ਦੇ ਭੋਗ ਉਪਰੰਤ ਦੀਵਾਨ ਸਜਾਏ ਜਾਣਗੇ ਵੱਖ ਵੱਖ ਰਾਗੀ, ਢਾਡੀ, ਕਵੀਸ਼ਰ ਜੱਥਿਆਂ ਵੱਲੋਂ ਕਥਾ ਵਿਚਾਰਾਂ ਕੀਤੀਆਂ ਗਈਆਂ ਉਨ੍ਹਾਂ ਗੁਰੂ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਇਸ ਮੌਕੇ ਜਗਰਾਜ ਸਿੰਘ ਸਿੱਧੂ ਅਮਰੀਕਾ ਵਾਲੇ, ਜਸਵੀਰ ਸਿੰਘ ਸ਼ੀਰਾ,ਸੇਵਕ ਸਿੰਘ,ਪੰਚ ਬਲਦੇਵ ਸਿੰਘ, ਬਲਵਿੰਦਰ ਸਿੰਘ ਡੇਅਰੀ ਵਾਲੇ, ਗਿਅਨੀ ਦਰਸ਼ਨ ਸਿੰਘ,ਪਿੰਦਰ ਸਿੰਘ ਸਿੱਧੂ ਸਮੇਤ ਭਾਰੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ।

# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਲਏ ਫਾਈਨਲ ਪੇਪਰ



ਚੰਡੀਗੜ੍ਹ/ਬਠਿੰਡਾ(ਲੋਕ ਬਾਣੀ) -ਡਾਕਟਰ ਐਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਲੜੀ ਤਹਿਤ ਸ ਜੱਸਾ ਸਿੰਘ ਸੰਧੂ ਕੋਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਤੇ ਮੈਡਮ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਰਹਿਨੁਮਾਈ ਹੇਠ ਸੰਨੀ ਓਬਰਾਏ ਸਵੈਂ ਰੋਜ਼ਗਾਰ ਸਕੀਮ ਤਹਿਤ ਪਿੰਡਾਂ ਅਤੇ ਸ਼ਹਿਰਾਂ ਵਿੱਚ ਨੋਜਵਾਨ ਲੜਕੇ ਲੜਕੀਆਂ ਨੂੰ ਆਤਮ ਨਿਰਭਰ ਬਣਾਉਣ ਲਈ ਮੁਫ਼ਤ ਸਿਖਲਾਈ ਸੈਂਟਰ (ਸਿਲਾਈ, ਬਿਊਟੀ ਪਾਰਲਰ, ਕੰਪਿਊਟਰ ਸੈਂਟਰ) ਖੋਲ੍ਹੇ ਜਾ ਰਹੇ ਹਨ ਤਾਂ ਜੋ ਇਹ ਨੋਜਵਾਨ ਸਿਖਲਾਈ ਪ੍ਰਾਪਤ ਕਰਕੇ ਅਪਣੇ ਪੈਰਾਂ ਤੇ ਖੜੇ ਹੋ ਸਕਣ। ਅਰਵਿੰਦਰ ਪਾਲ ਸਿੰਘ ਚਾਹਲ ਜ਼ਿਲਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਅਤੇ ਅਨਿਲ ਜੁਨੇਜਾ ਪ੍ਰਧਾਨ ਮਲੋਟ ਇਕਾਈ ਨੇ ਦੱਸਿਆ ਕਿ ਜੈ ਮਾ ਅੰਗੂਰੀ ਦੇਵੀ ਮੰਦਰ ਮਲੋਟ ਵਿਖੇ ਵੀ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਮੁਫ਼ਤ ਸਿਖਲਾਈ ਸੈਂਟਰ ਚੱਲ ਰਿਹਾ ਸੀ ਜਿਸ ਦਾ 6 ਮਹੀਨੇ ਦਾ ਕੋਰਸ ਪੂਰਾ ਹੋਣ ਉਪਰੰਤ ਮੈਡਮ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਆਪਣੀ ਟੀਮ ਨਾਲ ਫਾਈਨਲ ਪੇਪਰ ਲਿਆ ਗਿਆ ਅਤੇ ਪਾਸ ਹੋਣ ਵਾਲੇ ਸਿਖਿਆਰਥੀਆਂ ਨੂੰ ਆਈ ਐਸ ਓ ਸਰਟੀਫਿਕੇਟ ਜਾਰੀ ਕੀਤੇ ਜਾਣਗੇ ਅਤੇ ਇਸ ਤੋਂ ਬਾਅਦ ਇਹ ਸਿਖਿਆਰਥੀ ਅਪਣੇ ਕੰਮ ਕਰਨ ਦੇ ਯੋਗ ਹੋ ਜਾਣਗੇ। ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਇਸ ਤੋਂ ਇਲਾਵਾ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਅਜਿਹੇ 5 ਮੁਫ਼ਤ ਸਿਖਲਾਈ ਸੈਂਟਰ ਅਤੇ ਮਲੋਟ ਪਿੰਡ ਵਿੱਚ ਵੀ ਮੁਫ਼ਤ ਸਿਲਾਈ ਸਿਲਾਈ ਚੱਲ ਰਿਹਾ ਹੈ ਅਤੇ ਇਸ ਤੋਂ ਪਹਿਲਾਂ ਸੈਂਕੜਿਆਂ ਦੀ ਗਿਣਤੀ ਵਿਚ ਨੋਜਵਾਨ ਇਸ ਸਕੀਮ ਦਾ ਲਾਭ ਲੈ ਕੇ ਅਪਣੇ ਪੈਰਾਂ ਤੇ ਖੜੇ ਹੋ ਕੇ ਅਪਣੇ ਪਰਿਵਾਰਾਂ ਦਾ ਵਧੀਆ ਪਾਲਣ ਪੋਸ਼ਣ ਕਰ ਰਹੇ ਹਨ। ਇਸ ਮੌਕੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਮਲੋਟ ਦੇ ਲੇਡੀਜ਼ ਵਿੰਗ ਇੰਚਾਰਜ ਬਲਜੀਤ ਕੌਰ ਡਿੰਪਲ, ਸੋਹਣ ਲਾਲ ਗੁੰਬਰ ਅਤੇ ਸਮੂਹ ਮੈਂਬਰ ਹਾਜ਼ਰ ਸਨ।

# ਪਿੰਡ ਬਬੇਲੀ ਵਿਖੇ ਕਰਵਾਇਆ 7ਵੀਂ ਪਾਤਸ਼ਾਹੀ ਗੁਰੂ ਹਰਿ ਰਾਇ ਸਾਹਿਬ ਦੇ ਗੁਰਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ




ਫਗਵਾੜਾ (ਸੁਸ਼ੀਲ ਸ਼ਰਮਾ ) ਇਤਿਹਾਸਕ ਗੁਰਦੁਆਰਾ ਚੌਤਾ ਸਾਹਿਬ ਪਿੰਡ ਬਬੇਲੀ ਤਹਿਸੀਲ ਫਗਵਾੜਾ ਦੀ ਪ੍ਰਬੰਧਕ ਕਮੇਟੀ ਵਲੋਂ ਐਨ.ਆਰ.ਆਈ. ਵੀਰਾਂ ਅਤੇ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਸਤਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਿ ਰਾਇ ਸਾਹਿਬ ਦੇ ਆਗਮਨ ਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ ਹਰ ਸਾਲ ਦੀ ਤਰ੍ਹਾਂ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਹੈੱਡ ਗ੍ਰੰਥੀ ਭਾਈ ਲਖਵਿੰਦਰ ਸਿੰਘ ਨੇ ਸਰਬਤ ਦੇ ਭਲੇ ਅਤੇ ਸਿੱਖ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਇਸ ਮੌਕੇ ਧਾਰਮਿਕ ਦੀਵਾਨ ਸਜਾਇਆ ਗਿਆ। ਜਿਸ ਵਿਚ ਭਾਈ ਸਤਨਾਮ ਸਿੰਘ ਲਾਲੂ ਘੁੰਮਣ ਦੇ ਢਾਡੀ ਜੱਥੇ ਨੇ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ। ਇਸ ਮੌਕੇ ਕਮੇਟੀ ਪ੍ਰਧਾਨ ਬਲਦੇਵ ਸਿੰਘ ਬਬੇਲੀ ਨੇ ਸਮੂਹ ਸੰਗਤ ਨੂੰ ਗੁਰਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਸਿੱਖ ਇਤਿਹਾਸ ਸਾਡੀ ਮਹਾਨ ਵਿਰਾਸਤ ਹੈ। ਜਿਸ ਨੂੰ ਸੰਭਾਲਣ ਦੀ ਅੱਜ ਬਹੁਤ ਲੋੜ ਹੈ। ਉਹਨਾਂ ਅਜੋਕੀ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬਾਨਾ ਦੇ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਆ। ਕਮੇਟੀ ਪ੍ਰਧਾਨ ਬਲਦੇਵ ਸਿੰਘ ਤੋਂ ਇਲਾਵਾ ਮੀਤ ਪ੍ਰਧਾਨ ਰਜਿੰਦਰ ਸਿੰਘ, ਹੈੱਡ ਗ੍ਰੰਥੀ ਭਾਈ ਲਖਵਿੰਦਰ ਸਿੰਘ, ਕੁੰਦਨ ਸਿੰਘ, ਰਣਜੀਤ ਸਿੰਘ ਖਾਲਸਾ ਅਤੇ ਬੀਬੀ ਰਾਜਵਿੰਦਰ ਕੌਰ ਨੇ ਪਤਵੰਤਿਆਂ, ਸਹਿਯੋਗੀਆਂ ਅਤੇ ਸੇਵਾਦਾਰਾਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਭੇਂਟ ਕਰਕੇ ਸਨਮਾਨਤ ਕੀਤਾ। ਚਾਹ ਪਕੌੜੇ ਅਤੇ ਜਲੇਬੀਆਂ ਅਤੇ ਲੰਗਰ ਦੀ ਸੇਵਾ ਸੇਵਾਦਾਰਾਂ ਵਲੋਂ ਅਤੁੱਟ ਵਰਤਾਈ ਗਈ। ਇਸ ਮੌਕੇ ਗੁਰਦੇਵ ਸਿੰਘ ਦੁੱਗਾ, ਅਮਨਦੀਪ ਸਿੰਘ, ਹਰਪਾਲ ਸਿੰਘ, ਸੇਵਾਦਾਰ ਗੁਰਨਾਮ ਸਿੰਘ, ਸੋਢੀ ਸਿੰਘ, ਜਸਵਿੰਦਰ ਸਿੰਘ ਖਾਲਸਾ ਰਾਮਪੁਰ ਸੁੰਨੜਾ, ਗੁਰਪਾਲ ਸਿੰਘ ਪਾਲਾ, ਮਾਸਟਰ ਅਜੀਤ ਸਿੰਘ ਖਾਲਸਾ, ਜੋਗਿੰਦਰ ਸਿੰਘ, ਬੂਟਾ ਸਿੰਘ, ਸੁਖਦੇਵ ਸਿੰਘ, ਗੁਰਮੀਤ ਸਿੰਘ ਰਾਣੀਪੁਰ, ਅਵਤਾਰ ਸਿੰਘ ਮੰਗੀ, ਜਸਬੀਰ ਸਿੰਘ, ਗਗਨਦੀਪ ਸਿੰਘ, ਰਸ਼ਪਾਲ ਸਿੰਘ, ਜਰਨੈਲ ਸਿੰਘ, ਹਰਪਾਲ ਸਿੰਘ ਹਰਬੰਸਪੁਰ, ਮੁਖਤਿਆਰ ਸਿੰਘ, ਡਿਪਟੀ ਰਾਏ ਭਬਿਆਣਾ, ਕਰਨੈਲ ਸਿੰਘ ਉੱਚਾ, ਹਰਭਜਨ ਸਿੰਘ ਉੱਚਾ ਤੋਂ ਇਲਾਵਾ ਹਰਨੇਕ ਸਿੰਘ, ਰਾਜਵਿੰਦਰ ਕੌਰ, ਸਰਬਜੀਤ ਕੌਰ, ਭਾਈ ਮੰਗਲ ਸਿੰਘ, ਭਾਈ ਜੋਧ ਸਿੰਘ, ਗੁਰਜੰਟ ਸਿੰਘ, ਗੁਰਦੀਪ ਸਿੰਘ, ਗੁਰਦਿੱਤ ਸਿੰਘ, ਬਲਜੀਤ ਸਿੰਘ, ਜਸਵੰਤ ਸਿੰਘ ਆਦਿ ਹਾਜਰ ਸਨ।

# ਕਾਮਰੇਡ ਜੰਗੀਰ ਸਿੰਘ ਜੋਗਾ ਸਰਕਾਰੀ ਸੈਕੰਡਰੀ ਸਕੂਲ (ਲੜਕੇ) ਜੋਗਾ ਦੇ ਐਨ.ਐਸ.ਕਿਊ.ਐਫ. ਦੇ ਵਿਦਿਆਰਥੀਆਂ ਨੇ ਮੋਟਰ ਕੰਪਨੀ ਦਾ ਦੌਰਾ ਕੀਤਾ



ਜੋਗਾ, (ਲੋਕ ਬਾਣੀ) ਕਾਮਰੇਡ ਜੰਗੀਰ ਸਿੰਘ ਜੋਗਾ ਸਰਕਾਰੀ ਸੈਕੰਡਰੀ ਸਕੂਲ (ਲੜਕੇ) ਜੋਗਾ ਦੇ ਐਨ.ਐਸ.ਕਿਊ.ਐਫ. ਵਿਸ਼ੇ ਨਾਲ ਸਬੰਧਤ ਵਿਦਿਆਰਥੀਆਂ ਨੇ ਬਠਿੰਡਾ ਵਿਖੇ ਏਵੀਸੀ ਮੋਟਰਜ਼ ਮਹਿੰਦਰਾ ਕੰਪਨੀ ਦਾ ਦੌਰਾ ਕਰ ਕਰਕੇ ਮੋਟਰ ਕੰਪਨੀ ਵਿੱਚ ਕੀਤੇ ਜਾਂਦੇ ਕੰਮ ਕਾਜ ਸਬੰਧੀ ਜਾਣਕਾਰੀ ਹਾਸਲ ਕੀਤੀ। ਸਕੂਲ ਦੇ ਆਟੋ ਮੋਬਾਇਲ ਇੰਸਟਰੱਕਟਰ ਗੁਰਵੀਰ ਸਿੰਘ ਨੇ ਦੱਸਿਆ ਕਿ 9ਵੀਂ ਤੋਂ 12ਵੀਂ ਜਮਾਤ ਤੱਕ ਦੇ ਆਟੋ ਮੋਬਾਇਲ ਵਿਸ਼ੇ ਨਾਲ ਸਬੰਧਤ ਵਿਦਿਆਰਥੀਆਂ ਨੂੰ ਬਠਿੰਡਾ ਵਿਖੇ ਏਵੀਸੀ ਮੋਟਰਜ਼ ਮਹਿੰਦਰਾ ਕੰਪਨੀ ਵਿੱਚ ਲਿਜਾ ਕੇ ਮੋਟਰ ਕੰਪਨੀ ਵਿੱਚ ਕੀਤੇ ਜਾਣ ਵਾਲੇ ਕੰਮਾਂ ਸਬੰਧੀ ਜਾਣੂ ਕਰਵਾਇਆ ਗਿਆ ਹੈ। ਉਹਨਾਂ ਨੇ ਅੱਗੇ ਦੱਸਿਆ ਕਿ ਵਿਦਿਆਰਥੀਆਂ ਨੇ ਇੱਥੇ ਗੱਡੀਆਂ ਦੀ ਸਰਵਿਸ ਕਰਨ, ਵਾਸ਼ਿੰਗ ਕਰਨ ਅਤੇ ਨਵੀਂਆਂ ਗੱਡੀਆਂ ਵੇਚਣ ਦੀ ਪ੍ਰਕਿਰਿਆ ਸਮੇਤ ਮੋਟਰ ਕੰਪਨੀ ਦੇ ਹੋਰ ਵੱਖ-ਵੱਖ ਕੰਮਾਂ ਬਾਰੇ ਵਿਸਥਾਰ ਵਿੱਚ ਜਾਣਿਆ। ਇਸ ਮੌਕੇ ਵਿਦਿਆਰਥੀਆਂ ਨਾਲ ਆਟੋ ਮੋਬਾਇਲ ਇੰਸਟਰੱਕਟਰ ਗੁਰਵੀਰ ਸਿੰਘ ਅਤੇ ਕੈਂਪਸ ਮੈਨੇਜਰ ਮੇਲਾ ਸਿੰਘ ਵੀ ਮੌਜੂਦ ਸਨ।

# ਪੀ.ਐਸ.ਪੀ.ਸੀ.ਐਲ. ਦਾ ਡਿਪਟੀ ਚੀਫ਼ ਇੰਜੀਨੀਅਰ ਅਤੇ ਲਾਈਨਮੈਨ 50,000 ਰੁਪਏ ਰਿਸ਼ਵਤ ਲੈਂਦਾ ਵਿਜੀਲੈਂਸ ਬਿਊਰੋ ਵੱਲੋਂ ਕਾਬੂ



ਚੰਡੀਗੜ੍ਹ (ਲੋਕ ਬਾਣੀ) ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਹੁਸ਼ਿਆਰਪੁਰ ਦੇ ਡਿਵੀਜ਼ਨ ਰੇਂਜ ਦਫ਼ਤਰ ਵਿਖੇ ਤਾਇਨਾਤ ਡਿਪਟੀ ਚੀਫ਼ ਇੰਜੀਨੀਅਰ ਹਰਮਿੰਦਰ ਸਿੰਘ ਅਤੇ ਲਾਈਨਮੈਨ ਕੇਵਲ ਸ਼ਰਮਾ ਨੂੰ 50,000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮਾਂ ਨੂੰ ਪੀ.ਐਸ.ਪੀ.ਸੀ.ਐਲ. ਡਿਵੀਜ਼ਨ ਦਫ਼ਤਰ, ਮੁਕੇਰੀਆਂ ਵਿਖੇ ਤਾਇਨਾਤ ਸੀਨੀਅਰ ਕਾਰਜਕਾਰੀ ਇੰਜੀਨੀਅਰ ਲਖਵੀਰ ਸਿੰਘ ਵਾਸੀ ਜਗਤ ਐਵੇਨਿਊ, ਪਿੰਡ ਹਰਦੋਥਲਾ, ਹੁਸ਼ਿਆਰਪੁਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।
ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਮੁਲਜ਼ਮ ਡਿਪਟੀ ਚੀਫ਼ ਇੰਜੀਨੀਅਰ ਨੇ ਉਸਨੂੰ ਆਪਣੇ ਦਫ਼ਤਰ ਬੁਲਾਇਆ ਅਤੇ 50,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਅਤੇ ਇਹ ਰਕਮ ਮੁਲਜ਼ਮ ਲਾਈਨਮੈਨ ਕੇਵਲ ਸ਼ਰਮਾ ਨੂੰ ਸੌਂਪਣ ਲਈ ਕਿਹਾ।
ਬੁਲਾਰੇ ਨੇ ਅੱਗੇ ਦੱਸਿਆ ਕਿ ਉਸਦੀ ਸ਼ਿਕਾਇਤ ਦੀ ਮੁੱਢਲੀ ਜਾਂਚ ਉਪਰੰਤ ਹੁਸ਼ਿਆਰਪੁਰ ਯੂਨਿਟ ਦੀ ਵਿਜੀਲੈਂਸ ਬਿਊਰੋ ਟੀਮ ਨੇ ਜਾਲ ਵਿਛਾ ਕੇ ਦੋਵਾਂ ਮੁਲਜ਼ਮਾਂ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 50000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧੀ ਦੋਵਾਂ ਮੁਲਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਬੁੱਢਾ ਦਰਿਆ ਦੇ ਗੰਦੇ ਪਾਣੀ ਨੂੰ ਸਾਫ਼ ਕਰਨ ਦਾ ਪ੍ਰੋਜੈਕਟ ਲਗਾਇਆ ਗਿਆ



ਲੁਧਿਆਣਾ ( ਸੁਖਚੈਨ ਮਹਿਰਾ)2 ਫਰਵਰੀ 2025 ਐਤਵਾਰ ਨੂ ਅੰਨਦਾਤਾ ਕਿਸਾਨ ਮਜ਼ਦੂਰ ਯੂਨੀਅਨ ਦੇ ਰਾਸ਼ਟਰੀ ਪ੍ਰਧਾਨ ਤਰਨਜੀਤ ਸਿੰਘ ਨਿਮਾਣਾ ਜੀ ਦੀ ਰਹਿਨੁਮਾਈ ਵਿਚ ਅੰਨਦਾਤਾ ਕਿਸਾਨ ਮਜ਼ਦੂਰ ਯੂਨੀਅਨ ਦੇ ਰਾਸ਼ਟਰੀ ਸੀਨੀਅਰ ਉਪ ਪ੍ਰਧਾਨ ਅਮਰਜੀਤ ਸਿੰਘ ਭੱਟੀ ਆਪਣੇ ਸਾਥੀਆ ਸੁਰਿੰਦਰ ਧਵਨ,ਰਾਜੀਵ ਕੁਮਾਰ ਮਨੋਜ ਕੁਮਾਰ,ਰਾਧੇ ਸ਼ਰਮਾ,ਅਮਿਤ ਬੱਗਾ,ਨਵਜੋਤ ਸਿੰਘ ਭੱਟੀ,ਮਲਕੀਤ ਸਿੰਘ,ਹਰਪ੍ਰੀਤ ਸਿੰਘ,ਅੰਗਰੇਜ ਸਿੰਘ,ਗੁਰਪ੍ਰੀਤ ਸਿੰਘ,ਮੁਲਖ ਰਾਜ ਹੀਰਾ,ਰੀਨਾ ਰਾਣੀ,ਨੇਹਾ ਰਾਣੀ,ਵਿਕਾਸਨੀ ਗੌਤਮ,ਬਖਸ਼ੀਸ਼ ਸਿੰਘ, ਅਤੇ ਹੋਰਾ ਨਾਲ ਬੁੱਢਾ ਦਰਿਆ(ਨੇੜੇ ਕਸ਼ਮੀਰ ਨਗਰ) ਤੇ ਪਹੁੰਚ ਕੇ ਸੰਤ ਬਲਬੀਰ ਸਿੰਘ ਸੀਂਚੇਵਾਲ ਜੀ(ਪਦਮਸ਼੍ਰੀ ਅਤੇ ਸਾਬਕਾ ਰਾਜ ਸਭਾ ਮੈਂਬਰ ਪੰਜਾਬ)ਨੂ ਮਿਲੇ ਤੇ ਓਹਨਾ ਦਾ ਆਸ਼ੀਰਵਾਦ ਲਿਤਾ,ਓਹਨਾ ਵਲੋ ਜੇਹੜਾ ਕਮ ਬੁੱਢਾ ਦਰਿਆ ਦੇ ਗੰਦੇ ਪਾਣੀ ਨੂੰ ਸਾਫ਼ ਕਰਨ ਦਾ ਪ੍ਰੋਜੈਕਟ ਲਗਾਇਆ ਗਿਆ ਓਹਨਾ ਲਈ ਸੰਤ ਬਲਬੀਰ ਸਿੰਘ ਸੀਂਚੇਵਾਲ ਜੀ ਦੀ ਤਰੀਫ ਕਿੱਤੀ,ਤੇ ਪ੍ਰੋਜੈਕਟ ਨੂ ਨੇੜੇ ਜਾ ਕੇ ਵੇਖਿਆਂ,ਇਸ ਮੌਕੇ ਤੇ ਭੱਟੀ ਜੀ ਨੇ ਆਖਿਆ ਕੀ ਓਹਨਾ ਵਲੋ ਜਿਹੜਾ ਕਮ ਕੋਈ ਵੀ ਨੇਤਾ ਜਾ ਮੰਤਰੀ ਨਹੀਂ ਕਰ ਸਕੇ ਓਹੋ ਕਮ ਇੱਕ ਸੰਤ ਸੀਂਚੇਵਾਲ ਜੀ ਨੇ ਕਰਕੇ ਵਿਖਾ ਦਿਤਾ,ਅੱਜ ਸੰਤ ਬਲਬੀਰ ਸਿੰਘ ਸੀਂਚੇਵਾਲ ਜੀ ਦਾ ਜਨਮਦਿਨ ਹੈ

# ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਪਾਬੰਦੀਸ਼ੁਦਾ ਚਾਇਨਾ ਡੋਰ ਖਿਲਾਫ਼ ਚਲਾਈ ਵਿਸ਼ੇਸ਼ ਮੁਹਿੰਮ

ਜਲੰਧਰ,(ਲੋਕ ਬਾਣੀ) : ਖੇਤਰੀ ਦਫ਼ਤਰ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਚਾਇਨਾ ਡੋਰ ਦੀ ਵਿਕਰੀ, ਵਰਤੋਂ ਅਤੇ ਭੰਡਾਰਨ ਖਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਗਈ, ਜਿਸ ਤਹਿਤ ਸ਼ਹਿਰ ਵਿੱਚ ਡੋਰ ਤੇ ਪਤੰਗ ਵੇਚਣ ਵਾਲੇ ਦੁਕਾਨਦਾਰਾਂ ਦੀਆਂ ਦੁਕਾਨਾਂ ਦੀ ਅਚਨਚੇਤ ਚੈਕਿੰਗ ਤੋਂ ਇਲਾਵਾ ਲੋਕਾਂ ਨੂੰ ਚਾਇਨਾ ਡੋਰ ਦੀ ਵਰਤੋਂ ਦੇ ਖਤਰਿਆਂ ਬਾਰੇ ਜਾਗਰੂਕ ਵੀ ਕੀਤਾ ਗਿਆ।



ਪੀ.ਪੀ.ਸੀ.ਬੀ. ਜਲੰਧਰ ਦੇ ਐਕਸੀਅਨ ਇੰਜ. ਸੰਦੀਪ ਕੁਮਾਰ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਸੰਤ ਪੰਚਮੀ ਦੇ ਤਿਉਹਾਰ ਦੇ ਮੱਦੇਨਜ਼ਰ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਦਿਸ਼ਾ-ਨਿਰਦੇਸ਼ਾਂ 'ਤੇ ਜਲੰਧਰ ਵਿੱਚ ਪਾਬੰਦੀਸ਼ੁਦਾ ਚਾਇਨਾ ਡੋਰ ਦੀ ਵਿਕਰੀ, ਭੰਡਾਰਨ ਅਤੇ ਵਰਤੋਂ ਖਿਲਾਫ਼ ਚਲਾਈ ਗਈ ਇਸ ਮੁਹਿੰਮ ਤਹਿਤ ਸ਼ੁੱਕਰਵਾਰ ਨੂੰ ਜਲੰਧਰ ਸ਼ਹਿਰ ਵਿਖੇ ਡੋਰ ਤੇ ਪਤੰਗ ਵੇਚਣ ਵਾਲੀਆਂ ਦੁਕਾਨਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ, ਜਿਸ ਦੌਰਾਨ ਦੁਕਾਨਦਾਰ ਸਿਰਫ਼ ਸੂਤੀ ਧਾਗੇ ਦੀ ਡੋਰ ਵੇਚਦੇ ਪਾਏ ਗਏ।
ਉਨ੍ਹਾਂ ਅੱਗੇ ਦੱਸਿਆ ਕਿ ਲੋਕਾਂ ਨੂੰ ਪਾਬੰਦੀਸ਼ੁਦਾ ਚਾਇਨਾ ਡੋਰ ਦੇ ਖਤਰਿਆਂ ਤੋਂ ਜਾਣੂ ਕਰਵਾਉਣ ਲਈ ਦਫ਼ਤਰ ਵੱਲੋਂ ਪ੍ਰਮੁੱਖ ਅਖ਼ਬਾਰਾਂ ਦੇ ਵੈਂਡਰਾਂ ਜ਼ਰੀਏ ਸਵੇਰ ਸਮੇਂ ਪੈਂਫਲੈਂਟਾਂ ਦੀ ਵੰਡ ਕਰਨ ਤੋਂ ਇਲਾਵਾ ਜਲੰਧਰ ਸ਼ਹਿਰ, ਕਰਤਾਰਪੁਰ, ਭੋਗਪੁਰ ਅਤੇ ਆਦਮਪੁਰ ਵਿਖੇ ਪ੍ਰਮੁੱਖ ਸਥਾਨਾਂ ਖਾਸ ਕਰ ਸਕੂਲਾਂ ਨੇੜੇ ਅਜਿਹੇ ਜਾਗਰੂਕਤਾ ਪੈਂਫਲੈਂਟ ਚਿਪਕਾਏ ਵੀ ਗਏ। ਉਨ੍ਹਾਂ ਦੱਸਿਆ ਕਿ ਚਾਇਨਾ ਡੋਰ ਦੇ ਨੁਕਸਾਨਦੇਹ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਸਕੂਲਾਂ ਵਿੱਚ ਵਿਸ਼ੇਸ਼ ਭਾਸ਼ਣ ਵੀ ਕਰਵਾਏ ਗਏ ਤਾਂ ਜੋ ਵਿਦਿਆਰਥੀਆਂ ਨੂੰ ਇਸ ਸਬੰਧੀ ਜਾਗਰੂਕ ਕੀਤਾ ਜਾ ਸਕੇ।
ਐਕਸੀਅਨ ਸੰਦੀਪ ਕੁਮਾਰ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਚਾਇਨਾ ਡੋਰ ਦੀ ਵਿਕਰੀ, ਖ਼ਰੀਦ, ਨਿਰਮਾਣ, ਭੰਡਾਰਨ ਅਤੇ ਵਰਤੋਂ 'ਤੇ ਮੁਕੰਮਲ ਪਾਬੰਦੀ ਲਗਾਈ ਹੋਈ ਹੈ। ਇਸ ਪਾਬੰਦੀ ਦੇ ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ 'ਤੇ ਵਾਤਾਵਰਣ ਸੁਰੱਖਿਆ ਐਕਟ ਦੀ ਧਾਰਾ 15 ਤਹਿਤ ਮੁਕੱਦਮਾ ਚਲਾਇਆ ਜਾਵੇਗਾ, ਜਿਸ ਤਹਿਤ 5 ਸਾਲ ਤੱਕ ਦੀ ਕੈਦ, ਇਕ ਲੱਖ ਰੁਪਏ ਜੁਰਮਾਨਾ ਜਾਂ ਦੋਵੇਂ ਵੀ ਹੋ ਸਕਦੇ ਹਨ।

# ਬਲੱਡ ਬੈਂਕ ਫਗਵਾੜਾ 'ਚ ਲਗਾਇਆ ਦੰਦਾਂ ਅਤੇ ਜਬਾੜਿਆਂ ਦਾ 446ਵਾਂ ਫਰੀ ਕੈਂਪ

ਫ਼ਗਵਾੜਾ (ਸੁਸ਼ੀਲ ਸ਼ਰਮਾ) ਉਦਯੋਗਪਤੀ ਕੇ.ਕੇ. ਸਰਦਾਨਾ ਦੀ ਸਰਪ੍ਰਸਤੀ ਹੇਠ ਸਥਾਨਕ ਗੁਰੂ ਹਰਗੋਬਿੰਦ ਨਗਰ ਵਿਖੇ ਸੰਚਾਲਿਤ ਬਲੱਡ ਬੈਂਕ ਵਿਖੇ ਮਾਤਾ ਠਾਕੁਰ ਦੇਵੀ ਅਤੇ ਨਾਨਕ ਚੰਦ ਸੇਠੀ ਦੀ ਮਿੱਠੀ ਯਾਦ ਨੂੰ ਸਮਰਪਿਤ ਦੰਦਾਂ ਅਤੇ ਜਬਾੜਿਆਂ ਦਾ 446ਵਾਂ ਮੁਫ਼ਤ ਕੈਂਪ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ-ਰੇਖ ਹੇਠ ਲਗਾਇਆ ਗਿਆ। ਜਿਸ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪੁੱਜੇ ਬ੍ਰਹਮਕੁਮਾਰੀ ਵਿਸ਼ਵਵਿਦਿਆਲਿਆ ਫਗਵਾੜਾ ਦੇ ਇੰਚਾਰਜ ਬ੍ਰਹਮਕੁਮਾਰੀ ਸੁਮਨ ਦੀਦੀ ਨੇ ਦੀਪ ਪ੍ਰੱਜਵਲਿਤ ਕਰਕੇ ਕੀਤਾ। ਉਨ੍ਹਾਂ 8 ਲੋੜਵੰਦ ਬਜੁਰਗਾਂ ਨੂੰ ਨਵੇਂ ਤਿਆਰ ਜਬਾੜੇ ਵੀ ਵੰਡੇ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਨੇ ਬਲੱਡ ਬੈਂਕ ਦੇ ਸਮਾਜ ਸੇਵੀ ਪ੍ਰੋਜੈਕਟਾਂ ਨੂੰ ਲੋੜਵੰਦਾਂ ਲਈ ਬਹੁਤ ਸਹਾਈ ਦੱਸਿਆ। ਉਨ੍ਹਾਂ ਦੇ ਨਾਲ ਆਏ ਬ੍ਰਹਮਾਕੁਮਾਰੀ ਵਿਜੇ ਮਾਤਾ, ਭੈਣ ਰਾਖੀ ਦੀਦੀ ਅਤੇ ਭਰਾ ਰਾਕੇਸ਼ ਕੁਮਾਰ ਨੇ ਵੀ ਕਰੀਬ ਸਾਢੇ ਅਠਾਰਾਂ ਸਾਲਾਂ ਤੋਂ ਮਹੀਨੇ ਵਿੱਚ ਦੋ ਵਾਰ ਲਗਾਏ ਜਾ ਰਹੇ ਇਸ ਦੰਦਾਂ ਦੇ ਕੈਂਪ ਦੀ ਭਰਪੂਰ ਸ਼ਲਾਘਾ ਕੀਤੀ। ਸਮਾਗਮ ਵਿੱਚ



ਡੈਂਚਰ ਕਾਸਟਿੰਗ ਡਾ. ਮੈਰਿਲ ਜੋਸਫ਼ ਨੇ ਗੈਸਟ ਆਫ ਆਨਰ ਵਜੋਂ ਸ਼ਿਰਕਤ ਕੀਤੀ। ਕੈਂਪ ਦੌਰਾਨ ਸੀ.ਐਮ.ਸੀ. ਲੁਧਿਆਣਾ ਤੋਂ ਡਾ: ਤਮਨਪ੍ਰੀਤ ਦੀ ਅਗਵਾਈ ਵਿੱਚ ਪਹੁੰਚੀ ਮਾਹਿਰ ਡਾਕਟਰਾਂ ਦੀ 25 ਮੈਂਬਰੀ ਮੋਬਾਈਲ ਟੀਮ ਨੇ 120 ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ। ਲੋੜਵੰਦਾਂ ਦੇ ਦੰਦ ਸਾਫ਼ ਕੀਤੇ ਗਏ ਅਤੇ ਲੋੜ ਅਨੁਸਾਰ ਦਵਾਈਆਂ ਦਿੱਤੀਆਂ ਗਈਆਂ। ਇਸ ਤੋਂ ਇਲਾਵਾ ਮਰੀਜ਼ਾਂ ਦੇ ਟੁੱਟੇ ਦੰਦਾਂ ਦੀ ਵੀ ਭਰਾਈ ਕੀਤੀ ਗਈ। ਕੈਂਪ ਦੌਰਾਨ 25 ਨਵੇਂ ਜਬਾੜੇ ਬਣਾਉਣ ਦੀ ਅਗਲੀ ਪ੍ਰਕਿਰਿਆ ਪੂਰੀ ਕੀਤੀ ਗਈ। ਰਘਬੋਤਰਾ ਨੇ ਦੱਸਿਆ ਕਿ ਅਗਲਾ ਕੈਂਪ 15 ਫਰਵਰੀ ਦਿਨ ਸ਼ਨੀਵਾਰ ਨੂੰ ਲਗਾਇਆ ਜਾਵੇਗਾ। ਇਸ ਮੌਕੇ ਕ੍ਰਿਸ਼ਨ ਕੁਮਾਰ, ਰਮਨ ਨਹਿਰਾ, ਗੁਲਸ਼ਨ ਕਪੂਰ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਨਰਿੰਦਰ ਸਿੰਘ ਸੈਣੀ, ਕੁਲਦੀਪ ਦੁੱਗਲ, ਰੂਪ ਲਾਲ, ਬੀਰੂ ਰਾਮ ਆਦਿ ਹਾਜ਼ਰ ਸਨ।

# ਅਦਬੀ ਸਾਗਰ ਵਿਰਕ ਵਲੋਂ ਬਸੰਤ ਪੰਚਮੀ ਦੇ ਪਵਿੱਤਰ ਤਿਉਹਾਰ ਤੇ ਕਰਵਾਇਆ ਸਾਹਿਤਕ ਸਮਾਗਮ



ਫਗਵਾੜਾ (ਸੁਸ਼ੀਲ ਸ਼ਰਮਾ) ਅਦਬੀ ਸਾਗਰ ਵਿਰਕ ਵਲੋਂ ਬਸੰਤ ਪੰਚਮੀ ਦੇ ਪਵਿੱਤਰ ਤਿਉਹਾਰ ਤੇ ਅਰਬਨ ਅਸਟੇਟ ਫਗਵਾੜਾ ਦੇ ਛੱਤਰੀ ਵਾਲੇ ਪਾਰਕ ਵਿੱਚ ਸਾਹਿਤਕ ਸਮਾਗਮ ਕਰਵਾਇਆ ਗਿਆ ਜਿਸ ਦੇ ਪ੍ਰਧਾਨਗੀ ਮੰਡਲ ਵਿੱਚ ਸੋਹਣ ਸਹਿਜਲ,ਰਵਿੰਦਰ ਚੋਟ ਅਤੇ ਸੰਧੂ ਵਰਿਆਣਵੀ ਸ਼ਾਮਲ ਹੋਏ। ਇਸ ਮੌਕੇ ਕਰਵਾਏ ਕਵੀ ਦਰਬਾਰ ਵਿਚ ਜੋਗਾ ਸਿੰਘ ਜੌਹਲ, ਰਾਮਨਾਥ ਸ਼ਰਮਾ,ਕੇ.ਕੇ.ਕੰਡਾ,ਰਵਿੰਦਰ ਚੋਟ,ਬਲਦੇਵ ਰਾਜ ਕੋਮਲ,ਲਸ਼ਕਰ ਢੰਡਵਾੜਵੀ,ਪਿੰਸੀਪਲ ਇੰਦਰਜੀਤ ਸਿੰਘ ਵਾਸੂ, ਸ਼ਾਮ ਸਰਗੂੰਦੀ,ਦੇਵ ਵਿਰਕ,ਮਨੋਜ ਫਗਵਾੜਵੀ,ਪ੍ਰੋਫ਼ੈਸਰ ਸੰਧੂ ਵਰਿਆਣਵੀ,ਸੋਹਣ ਸਹਿਜਲ,ਸੋਹਨ ਸਿੰਘ ਭਿੰਡਰ,ਸੀਤਲ ਰਾਮ ਬੰਗਾ,ਅੰਮਿਤ ਬੱਗਾ ਆਦਿ ਕਵੀਆ ਨੇ ਆਪਣੀਆਂ ਰਚਨਾਵਾਂ ਨਾਲ ਸਾਂਝ ਪਾਈ।ਇਹਨਾਂ ਕਵੀਆਂ ਤੋ ਇਲਾਵਾ ਸ਼ਹਿਰ ਦੇ ਬਹੁਤ ਸਾਰੇ ਸਰੋਤੇ ਹਾਜ਼ਰ ਸਨ। ਸਟੇਜ ਸਕੱਤਰ ਦੀ ਸੇਵਾ ਸਭਾ ਦੇ ਜਨਰਲ ਸਕੱਤਰ ਬਲਦੇਵ ਰਾਜ ਕੋਮਲ ਨੇ ਬਾਖੂਬੀ ਨਿਭਾਈ।ਪੋ.ਸੰਧੂ ਵਰਿਆਣਵੀ ਨੇ ਸਮਾਗਮ ਦੇ ਅੰਤ ਵਿੱਚ ਸਾਰਿਆਂ ਦਾ ਧੰਨਵਾਦ ਕੀਤਾ।ਸਭਾ ਵਲੋਂ ਇਹ ਐਲਾਨ ਵੀ ਕੀਤਾ ਗਿਆ ਕਿ ਅਗਲੇ ਮਹੀਨੇ ਕਿਸੇ ਲੇਖਕ/ਕਵੀ ਨਾਲ ਰੁਬਰੂ ਕਰਵਾਇਆ ਜਾਵੇਗਾ।

# ਪੰਜਾਬ ਭਵਨ ਕੈਨੇਡਾ ਵੱਲੋਂ ਰਾਜਸਥਾਨ ਵਿੱਚ ਕਰਵਾਈ ਦੋ ਰੋਜ਼ਾ ਰਾਸ਼ਟਰੀ ਬਾਲ ਲੇਖਕ ਕਾਨਫਰੰਸ ਅਤੇ ਸੱਭਿਆਚਾਰਕ ਮੇਲੇ ਦਾ ਸਫਲਤਾ ਪੂਰਵਕ ਸੰਪੰਨ

ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਭਵਨ ਸਰੀ ਕੈਨੇਡਾ ਦੇ ਸੰਸਥਾਪਕ ਸ੍ਰੀ ਸੁੱਖੀ ਬਾਠ ਵੱਲੋਂ ਸ਼ੁਰੂ ਕੀਤੇ ਪ੍ਰੋਜੈਕਟ ਨਵੀਆਂ ਕਲਮਾਂ ਨਵੀਂ ਉਡਾਣ ਦੇ ਅਧੀਨ ਰਾਜਸਥਾਨ ਦੀ ਧਰਤੀ ਸ੍ਰੀ ਗੰਗਾ ਨਗਰ ਵਿਖੇ ਪਹਿਲੀ ਵਾਰ ਦੋ ਰੋਜ਼ਾ ਰਾਸ਼ਟਰੀ ਬਾਲ ਲੇਖਕ ਕਾਨਫਰੰਸ ਅਤੇ ਸਭਿਆਚਾਰਕ ਮੇਲਾ ਆਪਣੀਆਂ ਅਮਿੱਟ ਪੈੜਾਂ ਛੱਡਦਿਆਂ ਸਫ਼ਲਤਾ ਪੂਰਵਕ ਸੰਪੰਨ ਹੋ ਨਿਬੜਿਆ। ਰਾਜਸਥਾਨ ਦੀ ਪ੍ਰਬੰਧਕੀ ਟੀਮ ਵਿੱਚ ਡਾ. ਨਵਦੀਪ ਕੌਰ ਦੀ ਅਗਵਾਈ ਹੇਠ 31 ਜਨਵਰੀ ਅਤੇ 1 ਫਰਵਰੀ ਨੂੰ ਹੋਈ ਕਾਨਫਰੰਸ ਸ੍ਰੀ ਗੁਰੂ ਨਾਨਕ ਖਾਲਸਾ ਸੀਨੀਅਰ ਸੈਕੈਂਡਰੀ ਸਕੂਲ ਸ੍ਰੀ ਗੰਗਾ ਨਗਰ ਵਿੱਚ ਹੋਈ। ਪੰਜਾਬ ਭਵਨ ਸਰੀ ਕੈਨੇਡਾ ਤੇ ਸੰਸਥਾਪਕ ਸ੍ਰੀ ਸੁੱਖੀ ਬਾਠ ਜੀ ਇਸ ਕਾਨਫਰੰਸ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ।

ਕਾਨਫਰੰਸ ਦੇ ਦੂਜੇ ਦਿਨ ਰਾਜਸਥਾਨ ਵਿੱਚ ਪੰਜਾਬ ਦੀ ਸਥਿਤੀ ਅਤੇ ਸੰਭਾਵਨਾਵਾਂ ਉੱਤੇ ਹੋਈ ਚਰਚਾ ਵਿੱਚ ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰਨ ਵਾਲੇ ਵਿਦਵਾਨਾਂ ਅਤੇ ਸੂਝਵਾਨਾਂ ਨੇ ਹਿੱਸਾ ਲਿਆ। ਮਾਂ ਬੋਲੀ ਪੰਜਾਬੀ ਨੂੰ ਪ੍ਰਫੁੱਲਿਤ ਕਰਨ ਲਈ ਸਾਰਿਆਂ ਨੇ ਆਪੋ ਆਪਣੇ ਵਿਚਾਰ ਰੱਖੇ। ਡਾਕਟਰ ਨਵਦੀਪ ਨੇ ਪੰਜਾਬ ਭਵਨ ਦੇ ਰਹਿਨੁਮਾਈ ਹੇਠ ਪੰਜਾਬੀ ਦੇ ਵਿੱਚ ਮੈਗਜ਼ੀਨ ਕੱਢਣ ਦੀ ਤਜ਼ਵੀਜ਼ ਰੱਖੀ। ਓਹਨਾਂ ਕਿਹਾ ਕਿ ਰਾਜਸਥਾਨ ਦੇ ਸਕੂਲ ਪਾਠਕ੍ਰਮ ਵਿੱਚ ਪੰਜਾਬੀ ਛੇਵੀਂ ਜਮਾਤ ਤੋਂ ਸ਼ੁਰੂ ਹੁੰਦੀ ਹੈ ਜਿਸ ਕਾਰਣ ਹੋਰ ਭਾਸ਼ਾਵਾਂ ਤੇ ਬੱਚਿਆਂ ਦੀ ਪਕੜ ਮਜ਼ਬੂਤ ਹੋ ਜਾਂਦੀ ਹੈ ਤੇ ਵਿਦਿਆਰਥੀ ਮਾਂ ਬੋਲੀ ਪੰਜਾਬੀ ਨੂੰ ਦੇਰ ਨਾਲ਼ ਸਿੱਖ ਪਾਉਂਦੇ ਹਨ ।

ਡਾ.ਇਕਬਾਲ ਸਿੰਘ ਨੇ ਕਿਹਾ ਨਵੀਆਂ ਕਲਮਾਂ ਨਵੀਂ ਉਡਾਣ ਦੇ ਪ੍ਰੋਜੈਕਟ ਨੇ ਬੱਚਿਆਂ ਵਿੱਚ ਉਦਾਸੀਨਤਾ ਨੂੰ ਦੂਰ ਕਰਕੇ ਆਤਮ ਵਿਸ਼ਵਾਸ ਭਰਿਆ ਹੈ। ਪ੍ਰਿੰਸੀਪਲ ਗੁਰਦੀਪ ਸਿੰਘ ਖੋਸਾ ਨੇ ਕਿਹਾ ਕਿ ਰਾਜਸਥਾਨ ਵਿੱਚ ਸੰਸਕ੍ਰਿਤ ਤੋਂ ਬਾਅਦ ਪੰਜਾਬੀ ਭਾਸ਼ਾ ਸਭ ਤੋਂ ਵੱਧ ਪੜੇ ਜਾਣ ਵਾਲੀ ਮਕਬੂਲ ਭਾਸ਼ਾ ਹੈ।




ਇਸੇ ਮਕਬੂਲੀਅਤ ਨੂੰ ਬਣਾਏ ਰੱਖਣ ਲਈ ਬੀ.ਏ.ਪੱਧਰ ਤਕ ਪੰਜਾਬੀ ਵਿਸ਼ੇ ਨੂੰ ਲਗਵਾਉਣ ਵਿੱਚ ਓਹਨਾ ਨੇ ਕਾਮਯਾਬੀ ਹਾਸਲ ਕਰ ਲਈ ਹੈ।

ਸ੍ਰੀ ਗੁਰੂ ਨਾਨਕ ਖਾਲਸਾ ਸਕੂਲ ਦੇ ਪ੍ਰਿੰਸੀਪਲ ਸ. ਬਲਦੇਵ ਸਿੰਘ ਬਰਾੜ ਨੇ ਕਿਹਾ ਕਿ ਰਾਜਸਥਾਨ ਦੇ ਨੁਮਾਇੰਦਿਆਂ ਦਾ ਸਰਕਾਰ ਨਾਲ ਜੁੜੇ ਰਹਿਣਾ ਜਰੂਰੀ ਹੈ। ਸਰਕਾਰ ਦੀ ਮਦਦ ਨਾਲ ਹੀ ਅਸੀਂ ਮਾਂ ਬੋਲੀ ਪੰਜਾਬੀ ਨੂੰ ਪ੍ਰਫੁੱਲਿਤ ਕਰਨ ਵਿੱਚ ਹੋਰ ਕਾਮਯਾਬ ਹੋ ਸਕਦੇ ਹਾਂ। ਡਾਕਟਰ ਪਰਮਜੀਤ ਸਿੰਘ ਨੇ ਕਿਹਾ ਕਿ ਰਾਜਸਥਾਨ ਦੀ ਧਰਤੀ ਪੰਜਾਬ ਦੀ ਧਰਤੀ ਤੋਂ ਵੱਖ ਨਹੀਂ ਹੈ। ਅਸੀਂ ਦੋ ਦਰਿਆਵਾਂ ਦਾ ਸਾਂਝਾ ਪਾਣੀ ਪੀਂਦੇ ਹਾਂ। ਇਸ ਲਈ ਮਾਂ ਬੋਲੀ ਪੰਜਾਬੀ ਵੀ ਸਾਡੀ ਸਾਂਝੀ ਮਾਂ ਬੋਲੀ ਹੈ।

ਪੰਜਾਬ ਭਵਨ ਸਰੀ ਕੈਨੇਡਾ ਦੇ ਸੰਸਥਾਪਕ ਸ੍ਰੀ ਸੁੱਖੀ ਬਾਠ ਨੇ ਕਿਹਾ ਕਿ ਨਵੀਆਂ ਕਲਮਾਂ ਨਵੀਂ ਉਡਾਣ ਪ੍ਰੋਜੈਕਟ ਜਿੱਥੇ ਪੰਜਾਬ ਵਿੱਚ ਆਪਣੀ ਪੂਰੀ ਪਛਾਣ ਬਣਾ ਚੁੱਕਾ ਹੈ ਉੱਥੇ ਅਸੀਂ ਚਾਹੁੰਨੇ ਹਾਂ ਕਿ ਰਾਜਸਥਾਨ ਵਿਚਲੇ ਪੰਜਾਬੀ ਦੇ ਬਾਲ ਲੇਖਕਾਂ ਨੂੰ ਹੋਰ ਮੌਕੇ ਦਿੱਤੇ ਜਾਣ ਤਾਂ ਕਿ ਉਹ ਮਾਂ ਬੋਲੀ ਪੰਜਾਬੀ ਨਾਲ ਰੂਹ ਤੋਂ ਜੁੜ ਸਕਣ ਸਕਣ। ਉਹਨਾਂ ਕਿਹਾ ਕਿ ਵਿਰਾਸਤ ਨੂੰ ਸਾਂਭਣਾ ਸਾਡਾ ਫਰਜ਼ ਹੈ। ਮੈਂ ਕੈਨੇਡਾ ਦੇ ਵਿੱਚ ਰਹਿੰਦਿਆਂ ਜਦੋਜਹਿਦ ਕਰਦਿਆਂ ਮਾਂ ਬੋਲੀ ਨੂੰ ਉਸਦਾ ਬਣਦਾ ਸਥਾਨ ਦਵਾਇਆ ਹੈ ਬਸ ਲੋੜ ਹੈ ਕਿ ਸਾਡਾ ਮਕਸਦ ਇੱਕ ਹੋਣਾ ਚਾਹੀਦਾ ਹੈ ਬੇਸ਼ਕ ਸਾਡੀ ਵਿਚਾਰਧਾਰਾ ਅਲੱਗ ਅਲੱਗ ਹੋਵੇ। ਉਹਨਾਂ ਰਾਜਸਥਾਨ ਦੀ ਪੂਰੀ ਟੀਮ ਨੂੰ ਮਾਂ ਬੋਲੀ ਪੰਜਾਬੀ ਦੀ ਪ੍ਰਫੁੱਲਤਾ ਲਈ ਹਰ ਸੰਭਵ ਕੋਸ਼ਿਸ਼ ਅਤੇ ਮਦਦ ਕਰਨ ਦਾ ਭਰੋਸਾ ਦਵਾਇਆ।

ਇਸ ਸਮੇਂ ਅਕਾਲ ਅਕੈਡਮੀ ਦੇ ਪ੍ਰਿੰਸੀਪਲ ਪ੍ਰਿੰਸੀਪਲ ਹਰਬੀਨ ਕੌਰ ਕਾਹਲੋਂ,ਕੁਲਜੀਤ ਕੌਰ,ਸੋਹਲ ਗਿੱਲ,ਯਾਦਵਿੰਦਰ ਕੌਰ ਪਰਮਜੀਤ ਸਿੰਘ,ਕੁਲਦੀਪ ਸਿੰਘ,ਯਾਦਵਿੰਦਰ ਕੌਰ,ਰਾਜਿੰਦਰ ਮਾਹੂ, ਭੁਪਿੰਦਰ ਸਿੰਘ,ਗੁਰਜੰਟ ਸਿੰਘ ਗਿੱਲ,ਦਲਜੀਤ ਸਿੰਘ ਗਿੱਲ , ਪ੍ਰੋਜੈਕਟ ਇੰਚਾਰਜ ਉਂਕਾਰ ਸਿੰਘ ਤੇਜੇ,ਸੀਨੀਅਰ ਸਹਾਇਕ ਪ੍ਰੋਜੈਕਟ ਇੰਚਾਰਜ ਗੁਰਵਿੰਦਰ ਸਿੰਘ ਕਾਂਗੜ,ਪ੍ਰੋਜੈਕਟ ਜਨਰਲ ਸਕੱਤਰ ਗੁਰਵਿੰਦਰ ਸਿੰਘ ਸਿੱਧੂ,ਸ.ਭੀਮ ਸਿੰਘ ਆਨਲਾਈਨ ਟ੍ਰੇਨਿੰਗ ਕੋਆਰਡੀਨੇਟਰ,ਬਲਜੀਤ ਸ਼ਰਮਾ,ਸ.ਅਵਤਾਰ ਸਿੰਘ ਚੋਟੀਆਂ ਡਾ.ਸੁਖਪਾਲ ਕੌਰ,ਡਾ.ਸੁਰਿੰਦਰ ਕੁਮਾਰ ਜਿੰਦਲ , ਸ਼੍ਰੀਮਤੀ ਰਜਿੰਦਰ ਕੌਰ,ਸ੍ਰੀਮਤੀ ਲਖਵੀਰ ਕੌਰ,ਗੁਤਿੰਦਰ ਕੌਰ ਮੌਜੂਦ ਸਨ।

# ਸਵੱਛਤਾ ਅਭਿਆਨ ਸੋਸਾਇਟੀ ਦੇ ਮੈਂਬਰਾਂ ਨੇ ਰਾਮਪਾਲ ਉੱਪਲ ਜੀ ਨੂੰ ਮੇਅਰ ਬਣਨ ਤੇ ਦਿੱਤੀ ਵਧਾਈ

ਫਗਵਾੜਾ, (ਸੁਸ਼ੀਲ ਸ਼ਰਮਾ):- ਫਗਵਾੜਾ ਦੀ ਇੱਕ ਪ੍ਰਸਿੱਧ ਸੰਸਥਾ, ਸਵੱਛਤਾ ਅਭਿਆਨ ਸੋਸਾਇਟੀ ਦੇ ਮੈਂਬਰਾਂ ਨੇ ਸ਼੍ਰੀ ਰਾਮ ਪਾਲ ਉੱਪਲ ਨੂੰ ਨਗਰ ਨਿਗਮ ਫਗਵਾੜਾ ਦਾ ਮੇਅਰ ਬਣਨ ਤੇ ਵਧਾਈ ਦਿੱਤੀ ਹੈ। ਇਸ ਮੌਕੇ ਸੰਸਥਾ ਦੇ ਸਾਰੇ ਮੈਂਬਰ ਮੇਅਰ ਰਾਮ ਪਾਲ ਉੱਪਲ ਦੇ ਨਿਵਾਸ ਸਥਾਨ ਤੇ ਗਏ ਅਤੇ ਉਨ੍ਹਾਂ ਨੂੰ ਫੁੱਲਾਂ ਦਾ ਗੁਲਦਸਤਾ ਅਤੇ ਸ਼ਾਲ ਭੇਟ ਕਰਕੇ ਵਧਾਈ ਦਿੱਤੀ। ਸੁਸਾਇਟੀ ਦੇ ਚੇਅਰਮੈਨ ਮਦਨ ਮੋਹਨ ਖੱਟਰ ਨੇ ਕਿਹਾ ਕਿ ਰਾਮਪਾਲ ਉੱਪਲ 1999 ਤੋਂ ਸੁਸਾਇਟੀ ਦੇ ਮੈਂਬਰ ਹਨ ਅਤੇ ਉਹ ਹਮੇਸ਼ਾ ਸੁਸਾਇਟੀ ਦੀਆਂ ਵੱਖ-ਵੱਖ ਗਤੀਵਿਧੀਆਂ ਵਿੱਚ ਸ਼ਾਨਦਾਰ ਯੋਗਦਾਨ ਪਾਉਂਦੇ ਹਨ। ਉਨ੍ਹਾਂ ਦੱਸਿਆ ਕਿ 2003 ਵਿੱਚ, ਉਨ੍ਹਾਂ ਨੇ ਪੰਜਾਬ ਸਰਕਾਰ ਤੋਂ ਸੁਸਾਇਟੀ ਲਈ ਗ੍ਰਾਂਟ ਦਾ ਪ੍ਰਬੰਧ ਕਰਵਾਇਆ ਤਾਂ ਜੋ ਘਰ-ਘਰ ਕੂੜਾ ਇਕੱਠਾ ਕਰਨ ਦੀ ਪ੍ਰਣਾਲੀ ਲਾਗੂ ਕੀਤੀ ਜਾ ਸਕੇ। ਸੁਸਾਇਟੀ ਦੇ ਪ੍ਰਧਾਨ ਅਸ਼ੀਸ਼ ਗਾਂਧੀ ਨੇ ਰਾਮ ਪਾਲ ਉੱਪਲ ਜੀ ਨੂੰ ਮਠਿਆਈ ਨਾਲ ਮੂੰਹ ਮਿੱਠਾ ਕਰਵਾਇਆ ਅਤੇ ਉਨ੍ਹਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਉਨ੍ਹਾਂ ਨੂੰ ਉਮੀਦ ਹੈ ਕਿ ਰਾਮ ਪਾਲ ਉੱਪਲ ਜੀ ਨਗਰ ਨਿਗਮ ਫਗਵਾੜਾ ਨੂੰ ਵਿਕਾਸ ਦੀਆਂ ਨਵੀਆਂ ਉਚਾਈਆਂ ਤੇ ਲੈ ਜਾਣਗੇ ਅਤੇ ਲੋਕਾਂ ਦੀਆਂ ਉਮੀਦਾਂ ਤੇ ਖਰੇ ਉਤਰਨਗੇ। ਉਨ੍ਹਾਂ ਇਹ ਵੀ ਕਿਹਾ ਕਿ ਰਾਮਪਾਲ ਉੱਪਲ ਜੀ ਨਗਰ ਨਿਗਮ ਫਗਵਾੜਾ ਨੂੰ ਵਿਕਾਸ ਦੇ ਮਾਡਲ ਵਜੋਂ ਵਿਕਸਤ ਕਰਨਗੇ ਅਤੇ ਪੂਰੇ ਪੰਜਾਬ ਵਿੱਚ ਇੱਕ ਨਵੀਂ ਮਿਸਾਲ ਕਾਇਮ ਕਰਨਗੇ। ਸੁਸਾਇਟੀ ਦੇ ਜਨਰਲ ਸਕੱਤਰ ਮੈਡਮ ਪੁਨੀਤ ਗੁਜਰਾਲ ਨੇ ਕਿਹਾ ਕਿ ਉਮੀਦ ਹੈ ਕਿ ਉਹ ਸ਼ਹਿਰ ਨਾਲ ਸਬੰਧਤ ਸਾਰੀਆਂ ਬੁਨਿਆਦੀ ਸਮੱਸਿਆਵਾਂ ਦਾ ਹੱਲ ਕਰਨਗੇ। ਸੰਸਥਾ ਦੇ ਕੈਸ਼ੀਅਰ ਮੈਡਮ ਮੋਨਿਕਾ ਅਤੇ ਮੈਂਬਰ ਸੰਦੀਪ ਚੋਪੜਾ ਨੇ ਰਾਮਪਾਲ ਜੀ ਨੂੰ ਉਨ੍ਹਾਂ ਦੇ ਨਵੇਂ ਅਹੁਦੇ ਲਈ ਵਧਾਈ ਦਿੱਤੀ ਅਤੇ ਕਿਹਾ ਕਿ ਉਹ ਉਨ੍ਹਾਂ ਦੇ ਨਾਲ ਖੜ੍ਹੇ ਹਨ ਅਤੇ ਉਨ੍ਹਾਂ ਦੇ ਵਿਕਾਸ ਕਾਰਜਾਂ ਵਿੱਚ ਉਨ੍ਹਾਂ ਦਾ ਸਮਰਥਨ ਕਰਨਗੇ। ਸੁਸਾਇਟੀ ਦੇ ਸ਼ਿਵ ਕੌੜਾ ਜੀ ਨੇ ਕਿਹਾ ਕਿ ਰਾਮਪਾਲ ਜੀ ਦੀ ਅਗਵਾਈ ਹੇਠ ਇੱਕ ਨਵੀਂ ਯੋਜਨਾ ਬਣਾਈ ਜਾਵੇਗੀ, ਜਿਸ ਵਿੱਚ ਸ਼ਹਿਰ ਦੇ ਵਿਕਾਸ ਲਈ ਨਵੇਂ ਕੰਮ ਸ਼ੁਰੂ ਕੀਤੇ ਜਾਣਗੇ ਅਤੇ ਮੌਜੂਦਾ ਕੰਮਾਂ ਨੂੰ ਪੂਰਾ ਕੀਤਾ ਜਾਵੇਗਾ। ਰਾਮਪਾਲ ਉੱਪਲ ਜੀ ਨੇ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਨਗਰ ਨਿਗਮ ਫਗਵਾੜਾ ਦੇ ਵਿਕਾਸ ਲਈ ਕੰਮ ਕਰਨਗੇ ਅਤੇ ਲੋਕਾਂ ਦੀਆਂ ਉਮੀਦਾਂ ਤੇ ਖਰੇ ਉਤਰਨਗੇ। ਇਸ ਦੌਰਾਨ ਮਦਨ ਮੋਹਨ ਖੱਟਰ, ਆਸ਼ੀਸ਼ ਗਾਂਧੀ, ਅਮਰਜੀਤ ਡਾਂਗ, ਸ਼ਿਵ ਕੌੜਾ, ਪੁਨੀਤ ਗੁਜਰਾਲ, ਮੋਨਿਕਾ, ਸੀਮਾ, ਖੁਸ਼ਬੂ, ਸੰਦੀਪ ਚੋਪੜਾ, ਸੰਜੀਵ ਜਲੋਟਾ, ਹੇਮੰਤ ਆਨੰਦ ਅਤੇ ਹੋਰ ਮੌਜੂਦ ਸਨ।



# ਪਿੰਡ ਬਘਾਣਾ ਦੀ ਪੰਚਾਇਤ ਨੇ 22 ਬੱਚੀਆਂ ਦੇ ਸੁਕੰਨਿਆ ਸਮਰਿਧੀ ਯੋਜਨਾ ਅਧੀਨ ਖੁਲ੍ਹਵਾਏ ਖਾਤੇ



ਫਗਵਾੜਾ ( ਸੁਸ਼ੀਲ ਸ਼ਰਮਾ ) ਸਰਕਾਰੀ ਆਯੁਰਵੈਦਿਕ ਡਿਸਪੈਂਸਰੀ ਪਿੰਡ ਬਘਾਣਾ ਵਿਖੇ ਸਰਪੰਚ ਬਲਵਿੰਦਰ ਕੁਮਾਰ ਬਘਾਣਾ ਦੀ ਅਗਵਾਈ ਹੇਠ ਸਮੂਹ ਗ੍ਰਾਮ ਪੰਚਾਇਤ ਵਲੋਂ 22 ਨਵਜੰਮੀਆਂ ਬੱਚੀਆਂ ਦੇ ਡਾਕਖਾਨੇ ਦੀ ਸੁਕੰਨਿਆ ਸਮਰਿੱਧੀ ਯੋਜਨਾ ਅਧੀਨ ਬਚਤ ਖਾਤੇ ਖੋਲ੍ਹੇ ਗਏ। ਇਸ ਮੌਕੇ ਮੁੱਖ ਮਹਿਮਾਨ ਵਜੋਂ ਜਿਲ੍ਹਾ ਆਯੁਰਵੈਦਿਕ ਅਤੇ ਯੁਨਾਨੀ ਅਫਸਰ ਕਪੂਰਥਲਾ ਡਾ. ਕੁਸਮ ਗੁਪਤਾ ਸ਼ਾਮਲ ਹੋਏ। ਉਹਨਾਂ ਪੰਚਾਇਤ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਬੱਚੀਆਂ ਦੇ ਮਾਪਿਆਂ ਨੂੰ ਇਸ ਸਕੀਮ ਤਹਿਤ ਖਾਤੇ ਖੁਲ੍ਹਵਾਉਣ ਲਈ ਪ੍ਰੇਰਿਤ ਕੀਤਾ ਤਾਂ ਜੋ ਬੱਚੀਆਂ ਦਾ ਭਵਿੱਖ ਸੁਰੱਖਿਅਤ ਹੋ ਸਕੇ। ਸਬ ਪੋਸਟ ਮਾਸਟਰ ਧਰਮਪਾਲ ਨੂਰੜ ਨੇ ਦੱਸਿਆ ਕਿ ਭਾਰਤ ਸਰਕਾਰ ਦੀ ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿਮ ਤਹਿਤ 0 ਤੋਂ 10 ਸਾਲ ਤੱਕ ਦੀ ਉਮਰ ਵਾਲੀਆਂ ਬੱਚੀਆਂ ਦੇ ਇਸ ਸਕੀਮ ਤਹਿਤ ਡਾਕਖਾਨੇ ਵਿਚ ਖਾਤੇ ਖੋਲ੍ਹੇ ਜਾ ਸਕਦੇ ਹਨ। ਹਰੇਕ ਵਿੱਤੀ ਸਾਲ ਵਿਚ ਘੱਟ ਤੋਂ ਘੱਟ ਸਿਰਫ 250 ਰੁਪਏ ਜਮਾ ਕਰਵਾਉਣੇ ਲਾਜਮੀ ਹਨ। ਖਾਤਾ ਖੋਲ੍ਹਣ ਤੋਂ ਪੰਦਰਾਂ ਸਾਲ ਤੱਕ ਆਪਣੀ ਸਮਰੱਥਾ ਅਨੁਸਾਰ ਸਾਲ ਭਰ ਵਿਚ ਰਕਮ ਜਮਾ ਕੀਤੀ ਜਾ ਸਕਦੀ ਹੈ। ਇਸ ਸਕੀਮ ਅਧੀਨ ਜਮਾ ਕੀਤੀ ਰਕਮ ਆਮਦਨ ਟੈਕਸ ਤੋਂ ਮੁਕਤ ਹੈ। ਬੱਚੀ ਦੀ ਉਮਰ 18 ਸਾਲ ਪੂਰੀ ਹੋਣ ਤੋਂ ਬਾਅਦ ਉੱਚ ਸਿੱਖਿਆ ਪ੍ਰਾਪਤੀ ਜਾਂ ਵਿਆਹ ਲਈ ਕੁੱਲ ਰਕਮ ਦਾ ਪੰਜਾਹ ਫੀਸਦੀ ਲਿਆ ਜਾ ਸਕਦਾ ਹੈ ਅਤੇ ਬਾਕੀ ਰਕਮ ਖਾਤਾ ਖੋਲ੍ਹਣ ਦੀ ਤਰੀਕ ਤੋਂ 21 ਸਾਲ ਬਾਅਦ ਸਮੇਤ ਵਿਆਜ ਅਦਾ ਕੀਤੀ ਜਾਂਦੀ ਹੈ। ਖਾਤਾ ਕਿਸੇ ਵੀ ਡਾਕਘਰ ਵਿਚ ਖੋਲ੍ਹਿਆ ਜਾ ਸਕਦਾ ਹੈ। ਜਿਹਨਾਂ ਲੜਕੀਆਂ ਦੇ ਖਾਤੇ ਖੋਲ੍ਹੇ ਗਏ ਹਨ, ਉਹਨਾਂ ਨੂੰ ਪੰਚਾਇਤ ਵਲੋਂ ਕਪੜੇ ਅਤੇ ਸ਼ਗਨ ਵੀ ਭੇਂਟ ਕੀਤਾ ਗਿਆ। ਸਰਪੰਚ ਬਲਵਿੰਦਰ ਕੁਮਾਰ ਬਘਾਣਾ ਨੇ ਦੱਸਿਆ ਕਿ ਉਹਨਾਂ ਦੇ ਪਿੰਡ ਦੀ ਪੰਚਾਇਤ ਸਰਕਾਰੀ ਸਕੀਮਾ ਦਾ ਵੱਧ ਵੱਧ ਲਾਭ ਆਮ ਲੋਕਾਂ ਤੱਕ ਪਹੁੰਚਾਉਣ ਦਾ ਹਰ ਸੰਭਵ ਯਤਨ ਕਰ ਰਹੀ ਹੈ। ਪੰਚਾਇਤ ਵਲੋਂ ਪਿੰਡ ਦੇ ਵਿਕਾਸ ਤੋਂ ਇਲਾਵਾ ਸਮਾਜ ਭਲਾਈ ਦੇ ਕੰਮ ਵੀ ਕੀਤੇ ਜਾਂਦੇ ਹਨ। ਉਹਨਾਂ ਦੱਸਿਆ ਕਿ ਜਿਹਨਾਂ ਲੜਕੀਆਂ ਦੇ ਅੱਜ ਖਾਤੇ ਖੋਲ੍ਹੇ ਗਏ ਹਨ, ਉਹਨਾਂ ਦੇ ਸ਼ੁਰੂਆਤੀ 250 ਰੁਪਏ ਦਾ ਭੁਗਤਾਨ ਪੰਚਾਇਤ ਵਲੋਂ ਕੀਤਾ ਗਿਆ ਹੈ। ਬੱਚੀਆਂ ਦੇ ਮਾਪੇ ਸਾਲ ਭਰ ਵਿਚ ਆਪਣੀ ਸਮਰੱਥਾ ਮੁਤਾਬਕ ਰਕਮ ਜਮਾ ਕਰ ਸਕਦੇ ਹਨ। ਪੰਚਾਇਤ ਵਲੋਂ ਪਤਵੰਤਿਆਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਦੇਸਰਾਜ ਮਹਿਤਾ ਸਾਬਕਾ ਸਰਪੰਚ, ਮੈਂਬਰ ਪੰਚਾਇਤ ਰਾਮ ਲੁਭਾਇਆ, ਸਚਿਨ ਕੁਮਾਰ, ਨਿਸ਼ਾ ਸਹੋਤਾ, ਜਸਵਿੰਦਰ ਕੌਰ, ਸੁਰਜੀਤ ਕੌਰ, ਬਲਜਿੰਦਰ ਸਿੰਘ, ਗੁਰਸ਼ਰਨਜੀਤ ਸਿੰਘ ਤੋਂ ਇਲਾਵਾ ਡਾ. ਪ੍ਰੇਮਪਾਲ, ਡਾ. ਸੁਨੀਤਾ ਕੁਮਾਰੀ, ਨਰਿੰਦਰ ਕੌਰ, ਡਾ. ਕੰਵਰਦੀਪ ਸਿੰਘ, ਡਾ. ਹਰਵਿੰਦਰ ਭਗਤ, ਡਾ. ਰਵੀ ਕੁਮਾਰ, ਨਛੱਤਰ ਕੌਰ ਆਂਗਨਬਾੜੀ ਵਰਕਰ, ਬਲਵਿੰਦਰ ਕੌਰ ਆਸ਼ਾ ਵਰਕਰ, ਰਣਜੀਤ ਕੌਰ, ਪਰਮਜੀਤ ਕੌਰ, ਨੇਹਾ, ਬਖਸ਼ੀ ਰਾਮ, ਨਰਾਇਣ ਸਿੰਘ, ਪਰਵੀਨ ਕੁਮਾਰ, ਹਰੀਸ਼ ਕੁਮਾਰ, ਬਲਵੀਰ ਸਿੰਘ, ਜਸਵੀਰ ਕੁਮਾਰ, ਅਸ਼ੋਕ ਕੁਮਾਰ, ਨਰਿੰਦਰ ਕੁਮਾਰ, ਸੁਰਿੰਦਰ ਕੁਮਾਰ, ਲਖਵਿੰਦਰ ਕੁਮਾਰ, ਗੋਗੀ, ਕਮਲਜੀਤ ਕੁਮਾਰ, ਵਰੁਣ ਕੁਮਾਰ, ਖੁਸ਼ਮਨ, ਸਾਹਿਲ, ਰਾਜਿੰਦਰ ਕੁਮਾਰ ਆਦਿ ਹਾਜਰ ਸਨ।

# ਡਿਵਾਈਨ ਪਬਲਿਕ ਸਕੂਲ ਨੇ ਕਰਵਾਇਆ ਫੇਅਰਵੈਲ ਸਮਾਗਮ



ਫਗਵਾੜਾ ( ਸੁਸ਼ੀਲ ਸ਼ਰਮਾ ) ਡਿਵਾਇਨ ਪਬਲਿਕ ਸਕੂਲ ਫਗਵਾੜਾ ਵੱਲੋਂ ਸਲਾਨਾ ਇਮਤਿਹਾਨ ਤੋਂ ਪਹਿਲਾਂ 10+2 ਦੇ ਵਿਦਿਆਰਥੀਆਂ ਨੂੰ ਵਿਦਾਇਗੀ ਦੇਣ ਲਈ ਹੋਟਲ ਸਟੈਲਾ ਵਿਖੇ ਵਿਦਾਇਗੀ ਸਮਾਗਮ ਦਾ ਆਯੋਜਨ ਕੀਤਾ ਗਿਆ। ਸਕੂਲ ਪ੍ਰਿੰਸੀਪਲ ਰੇਣੂ ਠਾਕੁਰ ਦੀ ਅਗਵਾਈ ਹੇਠ ਕਰਵਾਏ ਗਏ ਇਸ ਪ੍ਰੋਗਰਾਮ ਵਿੱਚ ਸਕੂਲ ਚੇਅਰਮੈਨ ਪੰਕਜ ਕਪੂਰ ਨੇ ਪਰਿਵਾਰ ਸਮੇਤ ਸ਼ਿਰਕਤ ਕੀਤੀ। ਸਕੂਲ ਦੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਵਿਦਿਆਰਥੀਆਂ ਨੇ ਪੇਪਰ ਡਾਂਸ, ਧੁਨ ਵਜਾਉਣ, ਅੰਤਾਕਸ਼ਰੀ ਅਤੇ ਮਾਡਲਿੰਗ ਵਰਗੀਆਂ ਵੱਖ-ਵੱਖ ਮਨੋਰੰਜਕ ਖੇਡਾਂ ਵਿੱਚ ਉਤਸ਼ਾਹ ਨਾਲ ਭਾਗ ਲਿਆ। 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਸਕੂਲ ਨਾਲ ਜੁੜੀਆਂ ਆਪਣੀਆਂ ਯਾਦਾਂ ਨੂੰ ਤਾਜ਼ਾ ਕੀਤਾ। ਵਿਦਿਆਰਥੀਆਂ ਲਈ ਸਵਾਲ-ਜਵਾਬ ਦਾ ਸੈਸ਼ਨ ਵੀ ਕਰਵਾਇਆ ਗਿਆ। ਜਿਸ ਵਿੱਚ ਜਿਊਰੀ ਨੇ ਵਿਦਿਆਰਥੀਆਂ ਦੇ ਆਤਮ ਵਿਸ਼ਵਾਸ ਅਤੇ ਪਹਿਰਾਵੇ ਨੂੰ ਦੇਖਦੇ ਹੋਏ ਜੈ ਪੁੰਜ ਨੂੰ ਮਿਸਟਰ ਚਾਰਮਿੰਗ ਪਰਸਨੈਲਿਟੀ, ਮਲਟੀ-ਫੇਰੀਅਸ ਮਿਸ ਗੀਤਿਕਾ, ਜੌਲੀ ਗੁੱਡ ਫੈਲੋ ਗੁਰਵਿੰਦਰ, ਲਾਇਬਲ ਪਰਸਨੈਲਿਟੀ ਗਗਨਦੀਪ ਅਤੇ ਫਲਕ ਨੂੰ ਵੈਲ ਡਰੈਸਡ ਦਾ ਖਿਤਾਬ ਦਿੱਤਾ ਗਿਆ। ਮਿਸਟਰ ਅਤੇ ਮਿਸ ਡਿਵਾਈਨ ਦਾ ਖਿਤਾਬ ਗੁਰਵਿੰਦਰ ਸਿੰਘ ਅਤੇ ਐਂਜਲ ਨੇ ਪ੍ਰਾਪਤ ਕੀਤਾ। ਪ੍ਰਿੰਸੀਪਲ ਰੇਣੂ ਠਾਕੁਰ ਨੇ ਸਾਰੇ ਵਿਦਿਆਰਥੀਆਂ ਨੂੰ ਟਾਈਟਲ ਪਹਿਨਾ ਕੇ ਸਨਮਾਨਿਤ ਕੀਤਾ। ਸਕੂਲ ਚੇਅਰਮੈਨ ਪੰਕਜ ਕਪੂਰ ਨੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭ ਇੱਛਾਵਾਂ ਦਿੱਤੀਆਂ ਅਤੇ ਉਨ੍ਹਾਂ ਨੂੰ ਬਿਨਾਂ ਕਿਸੇ ਤਨਾਅ ਦੇ 12ਵੀਂ ਦੀ ਸਾਲਾਨਾ ਪ੍ਰੀਖਿਆ ਦੀ ਤਿਆਰੀ ਕਰਨ ਲਈ ਪ੍ਰੇਰਿਤ ਕੀਤਾ।

# ਨਵੇਂ ਬਣੇ ਸਰਪੰਚਾਂ-ਪੰਚਾਂ ਨੂੰ ਸਿਖਲਾਈ ਦੇਣ ਦੇ ਸੱਤਵੇਂ ਕੈਂਪ ਦੀ ਹੋਈ ਸਮਾਪਤੀ



ਫਗਵਾੜਾ (ਸੁਸ਼ੀਲ ਸ਼ਰਮਾ ) ਡਿਪਟੀ ਡਾਇਰੈਕਟਰ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਮੋਹਾਲੀ ਦੇ ਨਿਰਦੇਸ਼ ਅਨੁਸਾਰ ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਫਗਵਾੜਾ ਵਲੋਂ ਫਗਵਾੜਾ ਬਲਾਕ ਦੇ ਨਵੇਂ ਬਣੇ ਸਰਪੰਚਾਂ ਅਤੇ ਪੰਚਾਂ ਨੂੰ ਪੰਚਾਇਤੀ ਰਾਜ ਸੰਸਥਾਵਾਂ ਦੀ ਕਾਰਜ ਪ੍ਰਣਾਲੀ ਸਬੰਧੀ ਸਿਖਲਾਈ ਦੇਣ ਦਾ ਸਤਵਾਂ ਕੈਂਪ ਡਾ. ਬੀ.ਆਰ. ਅੰਬੇਡਕਰ ਭਵਨ ਅਰਬਨ ਅਸਟੇਟ ਫਗਵਾੜਾ ਵਿਖੇ ਲਗਾਇਆ ਗਿਆ। ਇਸ ਦੌਰਾਨ ਪੰਚਾਇਤੀ ਰਾਜ ਸੰਸਥਾਵਾਂ ਪੰਜਾਬ ਦੇ ਡਵੀਜਨਲ ਡਿਪਟੀ ਡਾਇਰੈਕਟਰ ਜੀ.ਐਸ. ਢਿੱਲੋਂ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਕੈਂਪ ਵਿਚ ਬਲਾਕ ਫਗਵਾੜਾ ਦੇ 10 ਪਿੰਡਾਂ ਦੇ ਚੁਣੇ ਹੋਏ ਸਰਪੰਚਾਂ, ਪੰਚਾਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ। ਜਿਹਨਾਂ ਨੂੰ ਟਰੇਨਿੰਗ ਦੇਣ ਦਾ ਕੰਮ ਸੀ.ਐਸ.ਸੀ. ਪਾਂਛਟ ਤੋਂ ਸਤਨਾਮ ਸਿੰਘ ਬੀ.ਆਰ.ਪੀ., ਐਡਵੋਕੇਟ ਰਵੀ ਕੁਮਾਰ ਕੌਲ, ਜੋਗਿੰਦਰ ਸਿੰਘ ਬਲਾਕ ਕੋਆਰਡੀਨੇਟਰ ਵਾਟਰ ਸਪਲਾਈ ਫਗਵਾੜਾ, ਰਵਿੰਦਰ ਕੁਮਾਰ ਬਲਾਕ ਕੋਆਰਡੀਨੇਟਰ ਸਿੱਖਿਆ ਵਿਭਾਗ, ਸੀ.ਡੀ.ਪੀ.ਓ. ਦਫਤਰ ਤੋਂ ਸੁਪਰਵਾਈਜਰ ਹਰਵਿੰਦਰ ਕੌਰ, ਸੈਲਫ ਹੈਲਪ ਗਰੁੱਪ ਫਗਵਾੜਾ ਤੋਂ ਨੀਰੂ ਰੇਖੀ, ਆਸ਼ਾ ਰਾਣੀ ਮਾਸਟਰ ਰਿਸੋਰਸ ਪਰਸਨ, ਉਮੇਸ਼ ਚੰਦਰ ਡੀ ਡਾਟਾ ਐਂਟਰੀ ਓਪਰੇਟਰ, ਏ.ਪੀ.ਓ. ਮਨਰੇਗਾ ਸੁਰਿੰਦਰਪਾਲ ਵਲੋਂ ਨੇਪਰੇ ਚਾੜ੍ਹਿਆ ਗਿਆ। ਕੈਂਪ ਦੀ ਸਮਾਪਤੀ ਮੌਕੇ ਸਮੂਹ ਸਰਪੰਚਾਂ ਤੇ ਪੰਚਾਂ ਨੇ ਕੈਂਪ ਨੂੰ ਬਹੁਤ ਹੀ ਲਾਹੇਵੰਦ ਦੱਸਿਆ। ਇਸ ਮੌਕੇ ਸੁਦੇਸ਼ ਕੁਮਾਰ ਸਰਪੰਚ ਮੇਹਟਾਂ, ਮਨਦੀਪ ਸਿੰਘ ਸਰਪੰਚ ਖਜੂਰਲਾ, ਅਨੀਤਾ ਦੇਵੀ ਸਰਪੰਚ ਨਵੀਂ ਆਬਾਦੀ ਨਾਰੰਗਸ਼ਾਹਪੁਰ, ਬਲਜਿੰਦਰ ਕੌਰ ਸਰਪੰਚ ਮਾਇਓਪੱਟੀ, ਸਰਬਜੀਤ ਕੌਰ ਸਰਪੰਚ ਨੰਗਲ, ਸੁਖਜੀਤ ਕੌਰ ਸਰਪੰਚ ਨਾਰੰਗਪੁਰ, ਰਾਮ ਲੁਭਾਇਆ ਸਰਪੰਚ ਨਾਨਕ ਨਗਰੀ, ਰਣਜੀਤ ਕੁਮਾਰ ਨੰਗਲ ਮੱਝਾ, ਸੁਖਜੀਤ ਕੌਰ ਮਸਤ ਨਗਰ ਅਤੇ ਕੁਲਵਿੰਦਰ ਕੌਰ ਸਰਪੰਚ ਮਲਕਪੁਰ ਤੋਂ ਇਲਾਵਾ ਪੰਚਾਇਤ ਮੈਂਬਰ ਸੁਨੀਲ ਕੁਮਾਰ, ਮੱਖਣ ਲਾਲ, ਸਤਪਾਲ ਸਿੰਘ, ਅਵਤਾਰ ਸਿੰਘ, ਇੰਦਰਜੀਤ ਸਿੰਘ, ਹਰਮੇਸ਼ ਲਾਲ, ਮਲਕੀਤ ਸਿੰਘ, ਨੀਲਮ ਰਾਣੀ, ਕਮਲਾ ਦੇਵੀ, ਸੁਰਿੰਦਰ ਕੌਰ, ਰੇਸ਼ਮਾ ਰਾਣੀ, ਬਲਜੀਤ ਕੌਰ, ਗੁਰਨਾਮ ਸਿੰਘ, ਮੁਖਤਿਆਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਮੈਂਬਰ ਪੰਚਾਇਤ ਹਾਜਰ ਸਨ।

# ਕਮਲਾ ਨਹਿਰੂ ਕਾਲਜ, ਫਗਵਾੜਾ ਵਿਖੇ ਸਾਫਟ ਟੌਏ ਮੇਕਿੰਗ (ਖਿਡੌਣੇ ਬਣਾਉਣ ) ਦੀ ਵਰਕਸ਼ਾਪ



ਫ਼ਗਵਾੜਾ (ਸੁਸ਼ੀਲ ਸ਼ਰਮਾ) ਪ੍ਰਿੰਸੀਪਲ ਡਾ.ਸਵਿੰਦਰ ਪਾਲ ਦੀ ਅਗਵਾਈ ਹੇਠ ਕਮਲਾ ਨਹਿਰੂ ਕਾਲਜ ਦੇ, ਹੋਮ ਸਾਇੰਸ ਐਸੋਸੀਏਸ਼ਨ ਨੇ 30-31 ਜਨਵਰੀ 2025 ਨੂੰ ਸਾਫਟ ਟੌਏ ਮੇਕਿੰਗ ਵਿਸ਼ੇ ਤੇ ਦੋ-ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ। ਇਸ ਵਰਕਸ਼ਾਪ ਦਾ ਉਦੇਸ਼ ਕਲਾ ਵਿੱਚ ਵਿਹਾਰਕ ਹੁਨਰ ਨੂੰ ਵਧਾਉਣਾ ਸੀ । ਡਿਪਲੋਮਾ ਇਨ ਨੈਨੀ ਕੇਅਰ ਐਂਡ ਨਿਊਟ੍ਰੀਸ਼ਨ ਪ੍ਰੋਗਰਾਮ ਦੇ ਸਹਾਇਕ ਪ੍ਰੋਫੈਸਰ ਵੈਸ਼ਾਲੀ, ਦੁਆਰਾ ਇਸ ਵਰਕਸ਼ਾਪ ਦਾ ਮਾਰਗਦਰਸ਼ਨ ਕੀਤਾ ਗਿਆ।

ਇਸ ਵਿੱਚ ਲਗਭਗ 28 ਵਿਦਿਆਰਥੀਆਂ ਅਤੇ ਫੈਕਲਟੀ ਦੀ ਸਰਗਰਮ ਭਾਗੀਦਾਰੀ ਦੇਖੀ ਗਈ। ਵਰਕਸ਼ਾਪ ਵਿੱਚ ਸਿਰਜਣਾਤਮਕਤਾ, ਸਿਲਾਈ ਅਤੇ ਡਿਜ਼ਾਈਨ ਸਿਧਾਂਤਾਂ ਤੇ ਕੇਂਦ੍ਰਤ ਕਰਦੇ ਹੋਏ ਨਰਮ ਖਿਡੌਣੇ ਬਣਾਉਣ ਦੀਆਂ ਵੱਖ-ਵੱਖ ਤਕਨੀਕਾਂ ਨੂੰ ਸ਼ਾਮਲ ਕੀਤਾ ਗਿਆ। ਵਿਦਿਆਰਥੀ ਇਸ ਸ਼ਿਲਪਕਾਰੀ ਵਿੱਚ ਹੱਥ-ਤੇ ਅਨੁਭਵ ਅਤੇ ਕੀਮਤੀ ਸੂਝ ਦੇ ਨਾਲ ਰਵਾਨਾ ਹੋਏ। ਵਰਕਸ਼ਾਪ ਇੱਕ ਵੱਡੀ ਸਫਲਤਾ ਸੀ, ਜਿਸ ਨੇ ਵਿਦਿਆਰਥੀਆਂ ਦੇ ਹੁਨਰ ਵਿਕਾਸ ਵਿੱਚ ਯੋਗਦਾਨ ਪਾਇਆ ਅਤੇ ਸਹਿਯੋਗੀ ਸਿੱਖਿਆ ਦੇ ਮਾਹੌਲ ਨੂੰ ਉਤਸ਼ਾਹਿਤ ਕੀਤਾ। ਪ੍ਰਿੰਸੀਪਲ ਡਾ.ਸਵਿੰਦਰ ਪਾਲ ਨੇ ਵਿਦਿਆਰਥੀਆਂ ਦੇ ਇਸ ਸਮਾਗਮ ਲਈ ਫੈਕਲਟੀ ਮੈਂਬਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

**ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।**

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਹਾਲਾਤ-ਏ-ਸ਼ਹਿਰ ਖਰੜ : ਇੱਥੇ ਆਪਣਿਆਂ ਦਾ ਸੰਸਕਾਰ ਕਰਨ ਲਈ ਗੰਦੇ ਪਾਣੀ ਵਿਚੋਂ ਹੋ ਕੇ ਲੰਘਣਾ ਪੈਂਦਾ

ਖਰੜ, (ਕਾਲਾ ਸਿੰਘ ਸੈਣੀ )-ਸ਼ਹਿਰ ਖਰੜ ਨੇ ਡਿੱਵੈਲਪਮੈਂਟ ਪੱਖੋਂ ਅਤੇ ਆਬਾਦੀ ਹਰ ਪਾਸੇ ਪੈਰ ਪਸਾਰੇ ਹਨ ਪਰ ਸ਼ਹਿਰ ਦੇ ਵੱਖ-ਵੱਖ ਵਾਰਡਾਂ ਦੀਆਂ ਸੜਕਾਂ ਤੇ ਗਲੀਆਂ ਵਿੱਚ ਸੀਵਰੇਜ਼ ਦੇ ਮੈਨਹੋਲਾਂ ਦੇ ਟੁੱਟੇ ਢੱਕਣ ਅਤੇ ਮੈਨਹੋਲਾਂ 'ਚ ਓਵਰਫਲੋਅ ਹੋ ਰਿਹਾ ਸੀਵਰੇਜ ਦਾ ਗੰਦਾਂ ਪਾਣੀ ਸ਼ਹਿਰ ਖਰੜ ਦੇ ਵਿਕਾਸ ਤੇ ਸਵਾਲੀਆਂ ਚਿੰਨ ਹੈ ? ਲੋਕਾਂ ਵਲੋਂ ਇਨਾਂ ਮੇਨਹੋਲਾਂ ਤੋਂ ਬੱਚਣ ਲਈ ਸਥਾਨਕ ਲੋਕਾਂ ਵਲੋਂ ਖੁੱਲੇ ਮੈਨਹੋਲਾਂ ਦੇ ਨੇੜੇ ਮਿੱਟੀ ਦੇ ਥੈਲੇ ਭਰ ਕੇ ਜਾਂ ਫਿਰ ਇਨਾਂ ਵਿੱਚ ਡੰਡੇ ਖੜੇ ਕਰਕੇ ਰਾਹਗੀਰਾਂ ਨੂੰ ਸੁਚੇਤ ਕੀਤਾ ਜਾਂਦਾ ਹੈ। ਪਰ ਸਥਾਨਕ ਸ਼ਹਿਰ ਖਰੜ ਦੇ ਵਾਰਡ ਨੰਬਰ 20 ਵਿੱਚ ਬਣੇ ਸਮਸ਼ਾਨਘਾਟ ਰਾਮਬਾਗ ਨੂੰ ਜਾਂਦੀ ਸੜਕ 'ਤੇ ਸੀਵਰੇਜ ਦੇ ਟੁੱਟੇ ਢੱਕਣ ਅਤੇ ਸੀਵਰੇਜ ਦਾ ਗੰਦਾ ਪਾਣੀ ਓਖਰਫਲੋ ਹੋ ਕੇ ਸੜਕ ਤੇ ਆ ਗਿਆ ਹੈ। ਉੱਥੇ ਹੀ ਸ਼ਹਿਰ ਖਰੜ ਦੇ ਨਿਵਾਸੀਆਂ ਨੂੰ ਆਪਣਿਆਂ ਦਾ ਸੰਸਕਾਰ ਕਰਨ ਲਈ ਗੰਦੇ ਪਾਣੀ ਵਿਚੋਂ ਦੀ ਹੋ ਕੇ ਲੰਘਣਾ ਪੈਂ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਰਮਜੀਤ ਸਿੰਘ ਸੈਣੀ, ਰਮਨ ਸਿੰਘ, ਸੱਤਿਆ ਨਾਰਾਇਣ, ਵਿਸ਼ਾਲ ਸ਼ਰਮਾ, ਵਰਿੰਦਰ ਸਿੰਘ ਬਾਠ ਸਮੇਤ ਹੋਰਨਾਂ ਨੇ ਕਿਹਾ ਕਿ ਸ਼ਹਿਰ ਦੇ ਐਨ ਵਿਚਕਾਰ ਬਣੇ ਰਾਮਬਾਗ ਸਮਸ਼ਾਨਘਾਟ ਦੇ ਵਿਚ ਹਰ ਰੋਜ ਕਿਸੇ ਨਾ ਕਿਸੇ ਇਨਸਾਨ ਦਾ ਅੰਤਿਮ ਸੰਸਕਾਰ ਹੁੰਦਾ ਹੈ ਅਤੇ ਹਜਾਰਾਂ ਦੀ ਸੰਖਿਆ ਵਿਚ ਦੂਰੋਂ-ਨੇੜਿਓ ਸ਼ਹਿਰ ਨਿਵਾਸੀਆਂ ਦੇ ਰਿਸ਼ਤੇਦਾਰ ਰਾਮਬਾਗ ਆਉਂਦੇ ਹਨ ਪਰ ਇਸ ਸਮਸ਼ਾਨਘਾਟ ਨੂੰ ਜਾਣ ਵਾਲੀ ਸੜਕ ਦੀ ਹਾਲਤ ਨੂੰ ਦੇਖ ਕੇ ਹਰ ਕੋਈ ਨਗਰ ਕੌਂਸਲ ਦੀ ਕਾਰਗੁਜਾਰੀ 'ਤੇ ਸਵਾਲ ਖੜੇ ਕਰਦਾ ਹੈ। ਉਨਾਂ ਦੱਸਿਆ ਕਿ ਇਸ ਸੜਕ ਤੋਂ ਦੀ ਰੋਜਾਨਾਂ ਸਕੂਲ ਜਾਣ ਵਾਲੇ ਵਿਦਿਆਰਥੀਆਂ ਦੇ ਨਾਲ-ਨਾਲ ਵੱਡੀ ਗਿਣਤੀ ਵਿਚ ਹੋਰ ਸ਼ਹਿਰ ਨਿਵਾਸੀ ਵੀ ਲੰਘਦੇ ਹਨ ਕਿਉਂਕਿ ਇਹ ਸੜਕ ਸ਼ਹਿਰ ਦੇ ਮੇਨ ਬਾਜਾਰ ਨਾਲ ਸ਼ਹਿਰ ਦੀਆਂ ਕਈ ਸੁਸਾਇਟੀਆਂ ਨੂੰ ਜੋੜਦੀ ਹੈ। ਉਨਾਂ ਕਿਹਾ ਕਿ ਸੜਕ 'ਤੇ ਖੜੇ ਇਸ ਗੰਦੇ ਪਾਣੀ ਵਿਚੋਂ ਗੰਦਗੀ ਦੀ ਬਦਬੂ ਮਾਰਦੀ ਹੈ ਜਿਸ ਕਾਰਨ ਆਸ-ਪਾਸ ਰਹਿਣ ਵਾਲੇ ਲੋਕਾਂ ਦਾ ਵੀ ਰਹਿਣਾ ਮੁਸ਼ਕਿਲ ਹੋ ਗਿਆ ਹੈ। ਉਨਾਂ ਦੱਸਿਆ ਕਿ ਇਸ ਸੜਕ 'ਤੇ ਸੀਵਰੇਜ਼ ਦੇ ਟੁੱਟੇ ਹੋਏ ਢੱਕਣ ਵੀ ਹਾਦਸਿਆਂ ਨੂੰ ਸੱਦਾ ਦੇ ਰਹੇ ਹਨ ਹਨ ਜਿਨਾਂ ਵੱਲ ਕੌਂਸਲ ਦੇ ਕਿਸੇ ਅਧਿਕਾਰੀ ਨਹੀਂ ਹੈ। ਉਨਾਂ



ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਸੜਕ 'ਤੇ ਓਵਰਫਲੋ ਹੋ ਰਹੇ ਸੀਵਰੇਜ ਦੇ ਗੰਦੇ ਪਾਣੀ ਦੀ ਸਮੱਸਿਆ ਨੂੰ ਜਲਦ ਤੋਂ ਜਲਦ ਹੱਲ ਕੀਤਾ ਜਾਵੇ ਅਤੇ ਗਟਰਾਂ ਦੇ ਢੱਕਣ ਰੱਖੇ ਜਾਣ ਤਾਂ ਜੋ ਅੰਤਿਮ ਯਾਤਰਾ ਸਮੇਂ ਸਮਸ਼ਾਨਘਾਟ ਜਾਣ ਲਈ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

# ਕਾਨਪੁਰ ਦੀ ਲੜਕੀ ਨੇ ਪਤੀ ਦੀ ਮੌਤ ਤੋਂ ਦੁਖੀ ਹੋ ਕੇ ਫਾਹਾ ਲੈ ਲਿਆ



ਕਾਨਪੁਰ।(ਸੁਨੀਲ ਬਾਜਪਾਈ) ਇਕ ਨੌਜਵਾਨ ਔਰਤ ਬੀਮਾਰੀ ਕਾਰਨ ਆਪਣੇ ਪਤੀ ਦੀ ਮੌਤ ਦਾ ਦੁੱਖ ਨਹੀਂ ਭੁੱਲ ਸਕੀ ਅਤੇ ਇਸੇ ਕਾਰਨ ਉਸ ਨੇ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ। ਘਟਨਾ ਤੋਂ ਬਾਅਦ ਉਨ੍ਹਾਂ ਦੇ ਪਰਿਵਾਰ ਚ ਹੜਕੰਪ ਮਚ ਗਿਆ ਹੈ। ਪੁਲਸ ਨੇ ਉਸ ਦੀ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਕੇ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਹ ਘਟਨਾ ਬਿਧਨੂ ਥਾਣਾ ਖੇਤਰ ਦੇ ਰਾਮਾਈਪੁਰ ਦੀ ਹੈ। ਐਤਵਾਰ ਸਵੇਰੇ ਦੇਰ ਰਾਤ ਵਾਪਰੀ ਇਸ ਘਟਨਾ ਬਾਰੇ ਮ੍ਰਿਤਕ ਦੇ ਪੁੱਤਰ ਨੂੰ ਪਤਾ ਲੱਗਾ।

ਪੁਲਿਸ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਬੀਧਨੂੰ ਰਾਮਾਪੁਰ ਦੇ ਰਹਿਣ ਵਾਲੇ ਬੀ. ਰਾਜਾ ਸਿੰਘ ਦੀ ਪਤਨੀ ਪੂਜਾ ਸਿੰਘ ਸੇਂਗਰ (35) ਆਪਣੇ ਪੁੱਤਰਾਂ ਅਰਪਿਤ ਅਤੇ ਵੀਰ ਸਿੰਘ ਨਾਲ ਰਹਿੰਦੀ ਸੀ। ਰਾਜੇ ਦੀ 8 ਸਾਲ ਪਹਿਲਾਂ ਬੀਮਾਰੀ ਕਾਰਨ ਮੌਤ ਹੋ ਗਈ ਸੀ।

ਮੌਕੇ ਤੇ ਪਹੁੰਚੀ ਪੁਲਸ ਨੂੰ ਭਰਾ ਧਰੁਵ ਨੇ ਦੱਸਿਆ ਕਿ ਭੈਣ ਪੂਜਾ ਨੇ ਸ਼ਨੀਵਾਰ ਰਾਤ ਸਾਰਿਆਂ ਨਾਲ ਡਿਨਰ ਕੀਤਾ ਸੀ। ਇਸ ਤੋਂ ਬਾਅਦ ਸਾਰੇ ਆਪਣੇ-ਆਪਣੇ ਕਮਰੇ ਵਿੱਚ ਸੌਣ ਲਈ ਚਲੇ ਗਏ। ਦੇਰ ਰਾਤ ਪੂਜਾ ਆਪਣੇ ਕਮਰੇ ਚੋਂ ਬਾਹਰ ਆਈ ਅਤੇ ਵਿਹੜੇ ਚ ਲੱਗੇ ਝਿੰਗੇ ਨਾਲ ਸਾੜ੍ਹੀ ਦੇ ਸਹਾਰੇ ਫਾਹਾ ਲੈ ਲਿਆ। ਜਦੋਂ ਅਰਪਿਤ ਸਵੇਰੇ ਜਾਗਿਆ ਤਾਂ ਉਸ ਨੂੰ ਘਟਨਾ ਬਾਰੇ ਪਤਾ ਲੱਗਾ। ਪਰਿਵਾਰਕ ਸੂਤਰਾਂ ਅਨੁਸਾਰ ਪੂਜਾ ਨੇ ਆਪਣੇ ਪਤੀ ਦੀ ਮੌਤ ਦੇ ਦੁੱਖ ਕਾਰਨ ਖੁਦਕੁਸ਼ੀ ਕਰ ਲਈ ਹੈ। ਪੁਲਿਸ ਨੇ ਦੱਸਿਆ ਕਿ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ।

# ਪਰਲ ਕੰਪਨੀ ਦੇ 3 ਫਰਵਰੀ ਨੂੰ ਦਿੱਲੀ ਵਿਖੇ ਕਰਨਗੇ ਰੋਸ ਮੁਜਾਹਰਾ - ਡਾ. ਪਰਮਜੀਤ



ਫਗਵਾੜਾ ( ਸੁਸ਼ੀਲ ਸ਼ਰਮਾ ) ਪਰਲ ਪੀੜ੍ਹਤਾਂ ਲਈ ਸੰਘਰਸ਼ ਕਰ ਰਹੀ ਇਨਸਾਫ ਦੀ ਅਵਾਜ ਜੱਥੇਬੰਦੀ ਦੀ ਮੀਟਿੰਗ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਸਕੀਮ ਨੰਬਰ 3, ਸ਼ਹੀਦ ਭਗਤ ਸਿੰਘ ਨਗਰ ਫਗਵਾੜਾ ਵਿਖੇ ਹੋਈ। ਜਿਸ ਵਿਚ ਸਟੇਟ ਕਮੇਟੀ ਮੈਂਬਰ ਯੋਧ ਸਿੰਘ ਥਾਂਦੀ ਅਤੇ ਗੁਰਦੀਪ ਸਿੰਘ ਝਿੱਕਾ ਪ੍ਰਧਾਨ ਨਵਾਂਸ਼ਹਿਰ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਮੀਟਿੰਗ ਦੌਰਾਨ ਪਰਲ ਅਤੇ ਹੋਰ ਚਿੱਟ ਫੰਡ ਕੰਪਨੀਆ ਵਿਚ ਫਸੇ ਹੋਏ ਪੈਸੇ ਵਾਪਿਸ ਕਰਾਉਣ ਦੀ ਅਗਲੀ ਰਣਨੀਤੀ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਸਬੰਧੀ ਜਾਣਕਾਰੀ ਦਿੰਦੇ ਹੋਏ ਜੱਥੇਬੰਦੀ ਦੇ ਵਿਧਾਨਸਭਾ ਹਲਕਾ ਫਗਵਾੜਾ ਦੇ ਪ੍ਰਧਾਨ ਡਾ. ਪਰਮਜੀਤ ਸਿੰਘ ਦੁੱਗਾਂ ਨੇ ਦੱਸਿਆ ਕਿ 3 ਫਰਵਰੀ ਨੂੰ ਜੱਥੇਬੰਦੀ ਦੇ ਆਗੂ ਪੀੜ੍ਹਤ ਏਜੰਟਾਂ ਅਤੇ ਨਿਵੇਸ਼ਕਾਂ ਨੂੰ ਲੈ ਕੇ ਦਿੱਲੀ ਵਿਖੇ ਮੁਜਾਹਰਾ ਕਰਨਗੇ। ਉਹਨਾਂ ਦੱਸਿਆ ਕਿ ਪਿਛਲੇ ਸਾਲ ਪੰਜਾਬ ਦੇ ਮੈਂਬਰ ਪਾਰਲੀਮੈਂਟ ਧਰਮਵੀਰ ਗਾਂਧੀ ਨੇ ਸੰਸਦ ਵਿਚ ਪਰਲ ਗਰੁੱਪ ਦਾ ਮੁੱਦਾ ਚੁੱਕਦੇ ਹੋਏ ਨਿਵੇਸ਼ਕਾਂ ਦੀ ਮੋਟੀ ਰਕਮ ਦੀ ਵਾਪਸੀ ਨੂੰ ਲੈ ਕੇ ਵਿੱਤ ਮੰਤਰੀ ਨਿਰਮਲਾ ਸੀਤਾਰਮਣ ਨੂੰ ਸਵਾਲ ਕੀਤਾ ਸੀ। ਜਿਸ ਦੇ ਜਵਾਬ ਵਿਚ ਕੇਂਦਰੀ ਵਿੱਤ ਮੰਤਰੀ ਨੇ ਸੰਸਦ ਵਿਚ ਗਲਤ ਜਾਣਕਾਰੀ ਦਿੱਤੀ ਕਿ ਪੈਸੇ ਤਾਂ ਉਹਨਾਂ ਕੋਲ ਹਨ ਪਰ ਪੈਸੇ ਲੈਣ ਲਈ ਕੋਈ ਦਾਅਵਾ ਪੇਸ਼ ਨਹੀਂ ਕਰ ਰਿਹਾ। ਜਦਕਿ ਪਰਲ ਗਰੁੱਪ ਦੇ ਸਾਰੇ ਨਿਵੇਸ਼ਕਾਂ ਦਾ ਡਾਟਾ ਆਨਲਾਈਨ ਉਪਲੱਬਧ ਹੈ। ਇਸ ਸਬੰਧੀ ਬੀਤੇ ਸਾਲ 17 ਅਕਤੂਬਰ ਨੂੰ ਵਿੱਤ ਮੰਤਰਾਲੇ ਦਿੱਲੀ ਵਿਖੇ ਰੋਸ ਮੁਜਾਹਰਾ ਕੀਤਾ ਗਿਆ ਸੀ ਪਰ ਮਸਲੇ ਦਾ ਹਾਲੇ ਤੱਕ ਹਲ ਨਹੀਂ ਹੋਇਆ ਹੈ। ਜਿਸ ਕਰਕੇ ਹੁਣ 3 ਫਰਵਰੀ ਦਿਨ ਸੋਮਵਾਰ ਨੂੰ ਇਕ ਵਾਰ ਫਿਰ ਤੋਂ ਦਿੱਲੀ ਵਿਖੇ ਰੋਸ ਮੁਜਾਹਰਾ ਕਰਨ ਦਾ ਫੈਸਲਾ ਲਿਆ ਗਿਆ ਹੈ। ਉਹਨਾਂ ਨੇ ਨਿਵੇਸ਼ਕਾਂ ਨੂੰ ਅਪੀਲ ਕੀਤੀ ਕਿ ਆਪਣੀ ਪਾਲਸੀ ਦੀ ਇੱਕ ਫੋਟੋਸਟੇਟ ਕਾਪੀ ਜ਼ਰੂਰ ਨਾਲ ਲੈ ਕੇ ਆਉਣ ਤਾਂ ਉਹਨਾਂ ਦੇ ਦਾਅਵੇ ਨੂੰ ਮਜਬੂਤੀ ਦੇ ਨਾਲ ਰੱਖਿਆ ਜਾ ਸਕੇ। ਇਸ ਮੌਕੇ ਸਤਿਆ ਦੇਵੀ, ਸੁਖਦੇਵ ਕੁਮਾਰੀ, ਕੁਸ਼ਲਿਆ, ਕੁਲਵੀਰ ਕੌਰ, ਪ੍ਰਸਿੰਨੀ ਦੇਵੀ, ਜਸਵਿੰਦਰ ਕੌਰ, ਗੁਰਬਖਸ਼ ਕੌਰ, ਸੁਖਵਿੰਦਰ, ਮਹਿੰਦਰ ਪਾਲ, ਸਰਬਜੀਤ ਸਿੰਘ, ਕੁਲਵਿੰਦਰ ਜੱਸਲ, ਵਿਪਨ ਕੁਮਾਰ, ਕੁਲਵਿੰਦਰ ਸਿੰਘ, ਧਰਮਵੀਰ, ਸੰਤੋਸ਼ ਕੁਮਾਰੀ, ਕੰਚਨ, ਨਰੇਸ਼ ਕੁਮਾਰ, ਸਾਬੀ ਤੇ ਪਰਮਜੀਤ ਸਿੰਘ ਆਦਿ ਵੀ ਹਾਜਰ ਸਨ।

# ਫਗਵਾੜਾ ਦੇ ਰਾਵਲਪਿੰਡੀ ਥਾਣਾ ਖੇਤਰ 'ਚ ਹੁੱਲੜਬਾਜ ਨੌਜਵਾਨਾਂ ਤੋਂ ਲੋਕ ਪਰੇਸ਼ਾਨ



ਫਗਵਾੜਾ ( ਸੁਸ਼ੀਲ ਸ਼ਰਮਾ ) ਥਾਣਾ ਰਾਵਲਪਿੰਡੀ ਖੇਤਰ ਅਧੀਨ ਆਉਂਦੇ ਪੇਂਡੂ ਇਲਾਕਿਆਂ ਵਿਚ ਹੁੱਲੜਬਾਜ ਨੌਜਵਾਨਾਂ ਵਲੋਂ ਬੁਲਟ ਮੋਟਰਸਾਇਕਲ ਦੇ ਪਟਾਖੇ ਅਤੇ ਪਰੈਸ਼ਰ ਹਾਰਨ ਵਜਾਉਣ ਨਾਲ ਲੋਕ ਡਾਢੇ ਪਰੇਸ਼ਾਨ ਹਨ। ਇਸ ਸਮੱਸਿਆ ਬਾਰੇ ਗੱਲਬਾਤ ਕਰਦਿਆਂ ਸਮਾਜ ਸੇਵਕ ਉਂਕਾਰ ਸਿੰਘ ਰਾਵਲਪਿੰਡੀ ਨੇ ਦੱਸਿਆ ਕਿ ਪੁਲਿਸ ਦੀ ਨੱਕ ਹੇਠਾਂ ਹੁੱਲੜਬਾਜ ਨੌਜਵਾਨ ਕਾਨੂੰਨ ਦੀਆਂ ਧੱਜੀਆਂ ਉਡਾਉਂਦੇ ਨਜ਼ਰ ਆ ਰਹੇ ਹਨ ਪਰ ਸਬੰਧਤ ਥਾਣਾ ਪੁਲਿਸ ਵਲੋਂ ਕੋਈ ਢੁਕਵੀਂ ਕਾਰਵਾਈ ਨਹੀਂ ਕੀਤੀ ਜਾ ਰਹੀ। ਜਿਸ ਨਾਲ ਇਹਨਾਂ ਹੁੱਲੜਬਾਜ ਨੌਜਵਾਨਾਂ ਦੇ ਹੌਸਲੇ ਪੂਰੀ ਤਰ੍ਹਾਂ ਬੁਲੰਦ ਹਨ। ਉਹਨਾਂ ਦੱਸਿਆ ਕਿ ਪਿਛਲੇ ਦਿਨੀਂ ਇਕ ਅਜਿਹੇ ਹੁੱਲੜਬਾਜ ਨੂੰ ਕਾਬੂ ਕੀਤਾ ਗਿਆ ਸੀ, ਜੋ ਮੋਟਰਸਾਇਕਲ ਛੱਡ ਕੇ ਫਰਾਰ ਹੋ ਗਿਆ। ਜਿਸ ਤੇ ਉਸਦਾ ਮੋਟਰਸਾਇਕਲ ਪੁਲਿਸ ਦੇ ਹਵਾਲੇ ਕਰ ਦਿੱਤਾ ਸੀ ਪਰ ਪੁਲਿਸ ਨੇ ਮੋਟਰਸਾਇਕਲ ਜਬਤ ਕਰਨ ਦੀ ਬਣਦੀ ਕਾਨੂੰਨੀ ਕਾਰਵਾਈ ਨਹੀਂ ਕੀਤੀ। ਉਹਨਾਂ ਚੇਤਾਵਨੀ ਦਿੱਤੀ ਕਿ ਜੇਕਰ ਪੁਲਿਸ ਨੇ ਹੁੱਲੜਬਾਜਾਂ ਨੂੰ ਨੱਥ ਨਾ ਪਾਈ ਤਾਂ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਦੂਸਰੇ ਪਾਸੇ ਥਾਣਾ ਰਾਵਲਪਿੰਡੀ ਦੇ ਐਸ.ਐਚ.ਓ. ਅਸ਼ੋਕ ਕੁਮਾਰ ਨੇ ਕਿਹਾ ਕਿ ਪੁਲਿਸ ਕਾਨੂੰਨ ਦੀ ਪਾਲਣਾ ਕਰਵਾਉਣ ਲਈ ਪ੍ਰਤੀਬੱਧ ਹੈ। ਉਹਨਾਂ ਦੱਸਿਆ ਕਿ ਅਜਿਹੇ ਮਾਮਲੇ ਵਿਚ ਪੁਲਿਸ ਵਲੋਂ ਪਹਿਲੀ ਵਾਰ ਕਾਬੂ ਕੀਤੇ ਨੌਜਵਾਨਾਂ ਨੂੰ ਚਲਾਨ ਕੱਟ ਕੇ ਚੇਤਾਵਨੀ ਦਿੱਤੀ ਜਾਂਦੀ ਹੈ ਅਤੇ ਮੌਕੇ ਤੇ ਹੀ ਪਟਾਖੇ ਵਾਲੇ ਸਾਇਲੈਂਸਰ ਜਾਂ ਪਰੈਸ਼ਰ ਹਾਰਨ ਉਤਰਵਾਏ ਜਾਂਦੇ ਹਨ। ਜੇਕਰ ਦੂਸਰੀ ਵਾਰ ਕੋਈ ਨੌਜਵਾਨ ਅਜਿਹੀ ਹਰਕਤ ਕਰਦਾ ਕਾਬੂ ਆਉਂਦਾ ਹੈ ਤਾਂ ਉਸ ਖਿਲਾਫ ਬਣਦੀ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਂਦੀ ਹੈ।

# ਡਿਪਟੀ ਕਮਿਸ਼ਨਰ ਵੱਲੋਂ 2 ਫਰਵਰੀ ਨੂੰ ਸਤਿਗੁਰੂ ਰਾਮ ਸਿੰਘ ਜੀ ਦੇ 209ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਦੀ ਸਮੀਖਿਆ



ਸ੍ਰੀ ਭੈਣੀ ਸਾਹਿਬ (ਲੁਧਿਆਣਾ), (ਸੁਖਚੈਨ ਮਹਿਰਾ) - ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਵੱਲੋਂ ਅੱਜ ਨਾਮਧਾਰੀ ਸੰਪਰਦਾ ਦੇ ਬਾਨੀ ਸਤਿਗੁਰੂ ਰਾਮ ਸਿੰਘ ਜੀ ਦੇ 209ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 2 ਫਰਵਰੀ ਨੂੰ ਪੰਜਾਬ ਸਰਕਾਰ ਵੱਲੋਂ ਸ੍ਰੀ ਭੈਣੀ ਸਾਹਿਬ ਵਿਖੇ ਕਰਵਾਏ ਜਾ ਰਹੇ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ।

ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਮੌਕੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਵੱਲੋਂ ਵਧੀਕ ਡਿਪਟੀ ਕਮਿਸ਼ਨਰ ਅਮਰਜੀਤ ਬੈਂਸ, ਐਸ.ਡੀ.ਐਮ. ਜਸਲੀਨ ਕੌਰ ਦੇ ਨਾਲ ਦੱਸਿਆ ਕਿ ਸਮਾਗਮ 2 ਫਰਵਰੀ ਨੂੰ ਹੋਵੇਗਾ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਕਮੇਟੀ ਦਾ ਗਠਨ ਕੀਤਾ ਗਿਆ ਹੈ ਅਤੇ ਸਮਾਗਮ ਦੇ ਸੁਚਾਰੂ ਆਯੋਜਨ ਨੂੰ ਯਕੀਨੀ ਬਣਾਉਣ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਉਨ੍ਹਾਂ ਸੁਚਾਰੂ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਪੂਰੀ ਯੋਜਨਾਬੰਦੀ ਅਤੇ ਅਮਲ ਦੀ ਲੋੜ ਤੇ ਜ਼ੋਰ ਦਿੰਦਿਆਂ ਅਧਿਕਾਰੀਆਂ ਨੂੰ ਆਪਣੀ ਡਿਊਟੀ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਨਿਭਾਉਣ ਦੀ ਅਪੀਲ ਕੀਤੀ।

ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਇਹ ਵੀ ਭਰੋਸਾ ਦਿੱਤਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮਾਗਮ ਲਈ ਪੁਖ਼ਤਾ ਪ੍ਰਬੰਧ ਕੀਤੇ ਜਾਣਗੇ ਅਤੇ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਨਹੀਂ ਆਉਣ ਦਿੱਤੀ ਜਾਵੇਗੀ।

# ਖਰੜ ਦੇ ਵਾਰਡ ਨੰਬਰ 18 ਆਦਰਸ਼ ਨਗਰ ਵਿੱਚ ਸੀਵਰੇਜ਼ ਦਾ ਗੰਦਾ ਪਾਣੀ ਹੋਇਆ ਓਵਰਫਲੋਅ,ਬਿਮਾਰੀ ਫੈਲਣ ਦਾ ਡਰ



ਖਰੜ, (ਕਾਲਾ ਸਿੰਘ ਸੈਣੀ )-ਸ਼ਹਿਰ ਖਰੜ ਦੇ ਵਾਰਡ ਨੰਬਰ 18 ਆਦਰਸ਼ ਨਗਰ ਗਲੀ ਨੰਬਰ 3 ਵਿੱਚ ਸੀਵਰੇਜ ਦਾ ਗੰਦਾ ਪਾਣੀ ਓਵਰਫਲੋ ਹੋਣ ਕਾਰਨ ਨਰਕ ਭਰੀ ਜਿੰਦਗੀ ਜਿਊਣ ਨੂੰ ਮਜਬੂਰ ਹੋ ਰਹੇ ਹਨ। ਇਸ ਸਬੰਧੀ ਆਦਰਸ਼ ਨਗਰ ਦੇ ਵਸਨੀਕਾਂ ਰੇਨੂੰ ਬਾਲਾ, ਬਿਮਲਾ ਸਮੇਤ ਹੋਰਨਾਂ ਨੇ ਦੱਸਿਆ ਕਿ ਪਿਛਲੇ ਕਰੀਬ 2 ਮਹੀਨੇ ਤੋਂ ਉਨਾਂ ਮਹੁੱਲੇ ਵਿੱਚ ਸੀਵਰੇਜ ਦਾ ਗੰਦਾ ਪਾਣੀ ਓਵਰਫਲੋਅ ਹੋ ਰਿਹਾ ਹੈ ਜਿਸ ਕਾਰਨ ਇਹ ਪਾਣੀ ਹੁਣ ਉਨਾਂ ਦੇ ਘਰਾਂ ਵਿੱਚ ਵੀ ਪ੍ਰਵੇਸ਼ ਹੋ ਚੁੱਕਿਆ ਹੈ ਜਿਸ ਕਾਰਨ ਸਾਰੇ ਘਰ ਵਿਚ ਗੰਦਗੀ ਦੀ ਬਦਬੂ ਮਾਰ ਰਹੀ ਹੈ ਅਤੇ ਮਕਾਨਾਂ ਦੀਆਂ ਨੀਹਾਂ ਨੂੰ ਇਹ ਪਾਣੀ ਨੁਕਸਾਨ ਪਹੁੰਚਾ ਰਿਹਾ ਹੈ ਜਿਸ ਕਾਰਨ ਮਕਾਨਾਂ ਦੀਆਂ ਦੀਵਾਰਾਂ 'ਚ ਤਰੇੜਾਂ ਆ ਗਈਆਂ ਹਨ। ਉਨਾਂ ਦੱਸਿਆ ਕਿ ਸ਼ਿਕਾਇਤ ਕਰਨ ਤੋਂ ਬਾਅਦ ਕੌਂਸਲਰ ਵੱਲੋਂ ਸਫ਼ਾਈ ਲਈ ਕਮੇਟੀ ਦੇ ਕਰਮਚਾਰੀ ਭੇਜੇ ਜਾਂਦੇ ਹਨ ਪਰ ਕੁਝ ਘੰਟਿਆਂ ਬਾਅਦ ਹੀ ਇਹ ਸਮੱਸਿਆ ਫਿਰ ਤੋਂ ਸ਼ੁਰੂ ਹੋ ਜਾਂਦੀ ਹੈ। ਉਨਾਂ ਮੰਗ ਕੀਤੀ ਕਿ ਉਨਾਂ ਦੇ ਘਰਾਂ ਵਿਚ ਓਵਰਫਲੋ ਹੋ ਰਹੇ ਸੀਵਰੇਜ਼ ਦੇ ਗੰਦੇ ਪਾਣੀ ਦਾ ਪੱਕਾ ਹੱਲ ਕੀਤਾ ਜਾਵੇ ਤਾਂ ਜੋ ਉਨਾਂ ਦੀ ਜਿੰਦਗੀ ਸੁਖਾਲੀ ਹੋ ਸਕੇ।

ਇਸ ਸਬੰਧੀ ਵਾਰਡ ਦੇ ਕੌਂਸਲਰ ਗੁਰਜੀਤ ਸਿੰਘ ਗੱਗੀ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਉਨਾਂ ਵੱਲੋਂ ਵਾਰ-ਵਾਰ ਇਸ ਸਮੱਸਿਆ ਦੇ ਹੱਲ ਸਬੰਧੀ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਕਿਹਾ ਜਾ ਰਿਹਾ ਹੈ ਪਰ ਕਿਸੇ ਵੱਲੋਂ ਵੀ ਇਸ ਸਮੱਸਿਆ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ। ਉਨਾਂ ਕਿਹਾ ਕਿ ਜੇਕਰ ਆਉਣ ਵਾਲੇ 2-3 ਦਿਨਾਂ ਤੱਕ ਇਸ ਸਮੱਸਿਆ ਦਾ ਕੋਈ ਪੱਕਾ ਹੱਲ ਨਾ ਕੀਤਾ ਗਿਆ ਤਾਂ ਉਹ ਵਾਰਡ ਨਿਵਾਸੀਆਂ ਨੂੰ ਨਾਲ ਲੈ ਕੇ ਨਗਰ ਕੌਂਸਲ ਦਫ਼ਤਰ ਵਿਚ ਰੋਸ ਧਰਨਾ ਲਗਾਉਣ ਲਈ ਮਜਬੂਰ ਹੋਣਗੇ।

# ਯੂਥ ਵਾਇਸ ਫਾਊਂਡੇਸ਼ਨ ਸੁਸਾਇਟੀ ਵੱਲੋਂ ਅੱਖਾਂ ਦਾ ਤੀਸਰਾ ਫਰੀ ਅਪ੍ਰੇਸ਼ਨ ਕੈਂਪ 7 ਫਰਵਰੀ ਨੂੰ



ਫਗਵਾੜਾ ( ਸੁਸ਼ੀਲ ਸ਼ਰਮਾ ) ਸਮਾਜ ਸੇਵੀ ਸੰਸਥਾ ਯੂਥ ਵਾਇਸ ਫਾਊਂਡੇਸ਼ਨ ਸੁਸਾਇਟੀ ਵਲੋਂ ਐਸ.ਐਨ.ਜੇ ਚੈਰੀਟੇਬਲ ਟਰੱਸਟ ਯੂ.ਕੇ. ਅਤੇ ਸ਼ੰਕਰਾ ਆਈ ਫਾਊਂਡੇਸ਼ਨ ਹਸਪਤਾਲ ਲੁਧਿਆਣਾ ਦੇ ਸਹਿਯੋਗ ਨਾਲ ਤੀਜਾ ਫਰੀ ਮੋਤੀਆਬਿੰਦ ਦਾ ਆਪ੍ਰੇਸ਼ਨ ਕੈਂਪ 7 ਫਰਵਰੀ ਦਿਨ ਸ਼ੁੱਕਰਵਾਰ ਨੂੰ ਰਾਮਗੜ੍ਹੀਆ ਇੰਸਟੀਚਿਊਟ ਆਫ ਹੈਲਥ ਸਾਇੰਸ ਐਂਡ ਰਿਸਰਚ, ਸਤਨਾਮਪੁਰਾ ਵਿਖੇ ਲਗਾਇਆ ਜਾ ਰਿਹਾ ਹੈ। ਵਧੇਰੇ ਜਾਣਕਾਰੀ ਦਿੰਦਿਆਂ ਫਾਊਂਡੇਸ਼ਨ ਦੇ ਪ੍ਰਧਾਨ ਗਗਨਦੀਪ ਸਿੰਘ ਢੱਟ ਨੇ ਦੱਸਿਆ ਕਿ ਕੈਂਪ ਦਾ ਉਦਘਾਟਨ ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਦੇ ਚੇਅਰਪਰਸਨ ਮਨਪ੍ਰੀਤ ਕੌਰ ਭੋਗਲ ਕਰਨਗੇ। ਕੈਂਪ ਦੌਰਾਨ ਅੱਖਾਂ ਦੇ ਮਾਹਿਰ ਡਾਕਟਰਾਂ ਵੱਲੋਂ ਲੋੜਵੰਦ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਜਾਵੇਗੀ। ਲੋੜਵੰਦ ਮਰੀਜਾਂ ਦੇ ਮੁਫਤ ਅਪਰੇਸ਼ਨ ਕਰਕੇ ਲੈਂਜ ਪਾਏ ਜਾਣਗੇ। ਅਪਰੇਸ਼ਨ ਵਾਲੇ ਮਰੀਜ਼ਾਂ ਨੂੰ ਐਨਕਾਂ ਵੀ ਫਰੀ ਦਿੱਤੀਆਂ ਜਾਣਗੀਆਂ। ਕੈਂਪ ਵਿੱਚ ਪੁੱਜਣ ਵਾਲਿਆਂ ਲਈ ਚਾਹ+ਪਾਣੀ ਦਾ ਯੋਗ ਪ੍ਰਬੰਧ ਕੀਤਾ ਜਾਵੇਗਾ। ਉਨ੍ਹਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਇਸ ਫਰੀ ਮੈਡੀਕਲ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਪੁਰਜ਼ੋਰ ਅਪੀਲ ਵੀ ਕੀਤੀ। ਇਸ ਦੌਰਾਨ ਉਨ੍ਹਾਂ ਨਾਲ ਨੰਦ ਸੋਨੀ ਵੀ ਮੌਜੂਦ ਸਨ।

# ਗੁਰੂ ਰਵਿਦਾਸ ਮਹਾਰਾਜ ਜੀ ਦਾ ਸ਼ਬਦ ਮਾਧਉ ਸਤਸੰਗਤਿ ਸਰਨਿ ਤੁਮਾਰੀ ਭਾਈ ਗੁਰਦੀਪ ਸਿੰਘ ਸਕੋਹਪੁਰੀ ਦੀ ਆਵਾਜ਼ ਵਿੱਚ ਜਲਦ ਹੋਵੇਗਾ ਰਿਲੀਜ਼




ਫ਼ਗਵਾੜਾ (ਸੁਸ਼ੀਲ ਸ਼ਰਮਾ) ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 648ਵੇਂ ਗੁਰਪੁਰਬ ਨੂੰ ਮੌਕੇ ਗੁਰੂ ਰਵਿਦਾਸ ਮਹਾਰਾਜ ਜੀ ਦਾ ਸ਼ਬਦ ਮਾਧਉ ਸਤਸੰਗਤਿ ਸਰਨਿ ਤੁਮ੍ਹਾਰੀ ਭਾਈ ਗੁਰਦੀਪ ਸਿੰਘ ਸਕੋਹਪੁਰੀ ਦੀ ਆਵਾਜ਼ ਵਿੱਚ ਜਲਦ ਹੀ ਰਿਲੀਜ਼ ਕੀਤਾ ਜਾਵੇਗਾ।ਜਿਸ ਵਿਚ ਉਨ੍ਹਾਂ ਨਾਲ ਸਾਥ ਭਾਈ ਜਗਦੀਪ ਸਿੰਘ ਤੇ ਭਾਈ ਹਰਪ੍ਰੀਤ ਸਿੰਘ ਨੇ ਦਿੱਤਾ ਹੈ। ਜਿਸ ਦੀ ਪੇਸ਼ਕਸ਼ ਡੀ.ਐਸ.ਮਿਊਜ਼ਿਕ ਅਤੇ ਧਨਪਤ ਰਾਏ ਯੂ.ਐਸ.ਏ.ਦੀ ਹੈ। ਇਸ ਦੇ ਵਿਡੀਓ ਡਾਇਰੈਕਟਰ ਲਵੀ ਫ਼ਿਲਮਸ ਐਂਡ ਟੀਮ ਹਨ। ਇਸ ਦਾ ਸੰਗੀਤ ਸਾਬੀ ਮੁਕੰਦਪੁਰੀ ਨੇ ਤਿਆਰ ਕੀਤਾ ਹੈ। ਸਾਨੂੰ ਪੂਰੀ ਆਸ ਹੈ ਕਿ ਭਾਈ ਗੁਰਦੀਪ ਸਿੰਘ ਸਕੋਹਪੁਰੀ ਦੀ ਮਿੱਠੀ ਆਵਾਜ਼ ਸੰਗਤਾਂ ਦੇ ਮਨਾਂ ਵਿੱਚ ਘਰ ਕਰ ਜਾਵੇਗੀ।

# ਚੰਡੀਗੜ੍ਹ ਰੂਟ ਦੀਆਂ ਬੱਸਾਂ ਦਾ ਠਹਿਰਾਓ ਫਗਵਾੜਾ ਬੱਸ ਸਟੈਂਡ ਤੇ ਯਕੀਨੀ ਬਣਾਇਆ ਜਾਵੇ - ਜੇ.ਐਨ. ਬਾਂਸਲ



ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ ਤੋਂ ਚੰਡੀਗੜ੍ਹ ਅਤੇ ਚੰਡੀਗੜ੍ਹ ਤੋਂ ਫਗਵਾੜਾ ਰੂਟ ਨੂੰ ਚੱਲਣ ਵਾਲੀਆਂ ਸਰਕਾਰੀ ਬੱਸਾਂ ਦੇ ਡਰਾਈਵਰਾਂ ਵਲੋਂ ਫਗਵਾੜਾ ਬੱਸ ਸਟੈਂਡ ਦੀ ਬਜਾਏ ਬਾਈਪਾਸ ਰੋਡ ਤੋਂ ਲੰਘ ਜਾਣ ਦੇ ਨਾਲ ਸਵਾਰੀਆਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸ਼੍ਰੀ ਗੁਰੂ ਰਵਿਦਾਸ ਸਭਾ ਅਰਬਨ ਅਸਟੇਟ ਫਗਵਾੜਾ ਦੇ ਪ੍ਰਧਾਨ ਜਗਨ ਨਾਥ ਬਾਂਸਲ ਨੇ ਦੱਸਿਆ ਕਿ ਫਗਵਾੜਾ ਬੱਸ ਸਟੈਂਡ ਤੋਂ ਮੇਹਲੀ ਬਾਈਪਾਸ ਦੀ ਦੂਰੀ ਕਰੀਬ ਤਿੰਨ ਕਿੱਲੋਮੀਟਰ ਜਿਸ ਕਰਕੇ ਚੰਡੀਗੜ੍ਹ ਤੋਂ ਜਲੰਧਰ ਰੂਟ ਦੀਆਂ ਬੱਸਾਂ ਫਗਵਾੜਾ ਦੇ ਮੇਹਲੀ ਬਾਈਪਾਸ ਤੇ ਹੀ ਸਵਾਰੀਆਂ ਨੂੰ ਉਤਾਰ ਕੇ ਅੱਗੇ ਤੁਰ ਜਾਂਦੀਆਂ ਹਨ ਅਤੇ ਸਵਾਰੀਆਂ ਨੂੰ ਖੱਜਲ ਖੁਆਰ ਹੋਣ ਦੇ ਨਾਲ ਹੀ ਆਟੋ ਵਗੈਰਾ ਰਾਹੀਂ ਵਾਧੂ ਖਰਚਾ ਕਰਕੇ ਮੰਜਿਲ ਤੱਕ ਪਹੁੰਚਣਾ ਪੈਂਦਾ ਹੈ। ਉਹਨਾਂ ਦੱਸਿਆ ਕਿ ਬਰਸਾਤ, ਧੁੱਪ ਜਾਂ ਰਾਤ ਦੇ ਸਮੇ ਈ ਰਿਕਸ਼ਾ ਅਤੇ ਆਟੋ ਵਾਲੇ ਮੂੰਹ ਮੰਗਿਆ ਕਿਰਾਇਆ ਵਸੂਲਦੇ ਹਨ ਜੋ ਕਿ ਚੰਡੀਗੜ੍ਹ ਤੋਂ ਫਗਵਾੜਾ ਦੇ ਬੱਸ ਕਿਰਾਏ ਤੋਂ ਵੀ ਜਿਆਦਾ ਹੁੰਦਾ ਹੈ। ਔਰਤਾਂ, ਬਜੁਰਗਾਂ, ਅੰਗਹੀਣਾਂ ਅਤੇ ਬੱਚਿਆਂ ਨੂੰ ਖਾਸ ਤੌਰ ਬਹੁਤ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਹਨਾਂ ਦੱਸਿਆ ਕਿ ਜਲੰਧਰ ਤੋਂ ਚੰਡੀਗੜ੍ਹ ਜਾਣ ਵਾਲੀਆਂ ਸਰਕਾਰੀ ਬੱਸਾਂ ਵੀ ਅਕਸਰ ਫਗਵਾੜਾ ਬੱਸ ਸਟੈਂਡ ਦੀ ਬਜਾਏ ਮੇਹਟਾਂ ਬਾਈਪਾਸ, ਸ਼ੁਗਰ ਮਿਲ ਚੌਕ ਤੋਂ ਵਾਇਆ ਭੁੱਲਾਰਾਈ ਚੌਕ ਹੁੰਦੀਆਂ ਮੇਹਲੀ ਬਾਈਪਾਸ ਤੋਂ ਹੀ ਸਵਾਰੀ ਚੁੱਕਦੀਆਂ ਹਨ। ਉਹਨਾਂ ਦੱਸਿਆ ਕਿ ਜੇਕਰ ਇਸ ਬਾਰੇ ਡਰਾਈਵਰ ਜਾਂ ਕੰਡਕਟਰ ਨੂੰ ਸਵਾਲ ਕੀਤਾ ਜਾਂਦਾ ਹੈ ਤਾਂ ਉਹ ਬੇਰੁਖੀ ਨਾਲ ਪੇਸ਼ ਆਉਂਦੇ ਹਨ ਅਤੇ ਬੱਸ ਸਟੈਂਡ ਜਾਣ ਤੋਂ ਸਾਫ ਮਨਾ ਕਰ ਦਿੰਦੇ ਹਨ। ਉਹਨਾਂ ਪੰਜਾਬ ਸਰਕਾਰ ਅਤੇ ਟਰਾਂਸਪੋਰਟ ਮੰਤਰੀ ਪੰਜਾਬ ਤੋਂ ਪੁਰਜੋਰ ਮੰਗ ਕੀਤੀ ਕਿ ਆਮ ਲੋਕਾਂ ਦੀ ਇਸ ਖੱਜਲ ਖੁਆਰੀ ਨੂੰ ਦੇਖਦੇ ਹੋਏ ਸਰਕਾਰੀ ਬੱਸਾਂ ਦਾ ਫਗਵਾੜਾ ਬੱਸ ਸਟੈਂਡ ਤੇ ਠਹਿਰਾਓ ਯਕੀਨੀ ਬਣਾਇਆ ਜਾਵੇ। ਇਸ ਮੌਕੇ ਸਰਵਣ ਬਿਰਹਾ ਖਜਾਨਚੀ, ਐਸ.ਕੇ. ਵਿਰਦੀ ਮੀਤ ਪ੍ਰਧਾਨ ਤੋਂ ਇਲਾਵਾ ਪੁਰਸ਼ੋਤਮ ਜੱਖੂ, ਆਰ.ਕੇ. ਭੱਟੀ, ਆਰ.ਐਸ. ਸਰੋਆ, ਰਾਮ ਰਤਨ ਆਦਿ ਹਾਜਰ ਸਨ।

# ਮਾਨਸਰੋਵਰ ਸਾਹਿਤਕ ਅਕਾਦਮੀ ਵੱਲੋਂ ਕਰਵਾਏ ਕਵੀ ਦਰਬਾਰ ਨੇ ਪੰਜਾਬੀ ਮਾਂ ਬੋਲੀ ਦੀ ਮਿਠਾਸ ਨਾਲ ਸਰੋਤਿਆਂ ਦੇ ਮਨਾਂ ਅੰਦਰ ਮਿਠਾਸ ਭਰੀ-ਮਹਿੰਦਰ ਸੂਦ ਵਿਰਕ




ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬੀ ਮਾਂ ਬੋਲੀ ਲਈ ਵਚਨਬੱਧ ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਵੱਲੋਂ ਕਰਵਾਏ ਕਵੀ ਦਰਬਾਰ ਨੇ ਪੰਜਾਬੀ ਮਾਂ ਬੋਲੀ ਦੀ ਮਿਠਾਸ ਨਾਲ ਸਰੋਤਿਆਂ ਦੇ ਮਨਾਂ ਅੰਦਰ ਮਿਠਾਸ ਭਰੀ। ਲੜੀਵਾਰ ਕਵੀ ਦਰਬਾਰ ਨੂੰ ਅੱਗੇ ਵਧਾਉਂਦੇ ਹੋਏ ਮਾਨਸਰੋਵਰ ਸਾਹਿਤਕ ਅਕਾਦਮੀ ਵੱਲੋਂ ਮਿਤੀ 2 ਫਰਵਰੀ ਦਿਨ ਐਤਵਾਰ 2025 ਨੂੰ ਸ਼ਾਮ 5 ਵਜੇ ਲਾਈਵ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਕਵੀ ਸੁਖਦੇਵ ਸਿੰਘ ਜੀ ਗੰਢਵਾਂ, ਪਰਵਿੰਦਰ ਸਿੰਘ ਹੇਅਰ ਜੀ ਮੁੰਬਈ ,ਬਿਸ਼ੰਬਰ ਅਵਾਂਖੀਆ ਜੀ, ਰਮਣੀਕ ਸਿੰਘ ਘੁੰਮਣ ਜੀ, ਮਾਸਟਰ ਰਵੀ ਕੁਮਾਰ ਮੰਗਲਾ ਜੀ ਨੇ ਬਹੁਤ ਹੀ ਪਿਆਰ ਨਾਲ ਹਾਜ਼ਰੀ ਭਰੀ। ਕਵੀ ਦਰਬਾਰ ਦਾ ਆਗਾਜ਼ ਮਹਿੰਦਰ ਸੂਦ ਵਿਰਕ ਜੀ ਨੇ ਮਾਂ ਬੋਲੀ ਪੰਜਾਬੀ ਦੇ ਮਿਠਾਸ ਭਰਪੂਰ ਬੋਲਾਂ ਦੇ ਨਾਲ ਸ਼ਾਨਦਾਰ ਅੰਦਾਜ਼ ਵਿੱਚ ਪੇਸ਼ ਕਰਕੇ ਕੀਤਾ। ਸੁਖਦੇਵ ਸਿੰਘ ਜੀ ਗੰਢਵਾਂ ਨੇ ਆਪਣੀਆਂ ਤਿੰਨ ਬਾ-ਕਮਾਲ ਕਵਿਤਾਵਾਂ ਦੇ ਨਾਲ ਹਾਜ਼ਰੀ ਲਗਾਈ ਅਤੇ ਪਰਵਿੰਦਰ ਸਿੰਘ ਹੇਅਰ ਜੀ ਮੁੰਬਈ ਨੇ ਦਿਲ ਨੂੰ ਛੂਹਣ ਵਾਲੀ ਆਪਣੀਆਂ ਤਿੰਨ ਗ਼ਜ਼ਲਾਂ ਪੇਸ਼ ਕੀਤੀਆਂ। ਬਿਸ਼ੰਬਰ ਅਵਾਂਖੀਆ ਜੀ ਨੇ ਵੀ ਤਿੰਨ ਗ਼ਜ਼ਲਾਂ ਨਾਲ ਖ਼ੂਬ ਸਮਾਂ ਬੰਨ੍ਹਿਆ। ਰਮਣੀਕ ਸਿੰਘ ਘੁੰਮਣ ਜੀ ਨੇ ਵੀ ਤਿੰਨ ਰਚਨਾਵਾਂ ਦੇ ਨਾਲ ਸਰੋਤਿਆਂ ਤੋਂ ਵਾਹ-ਵਾਹ ਖੱਟੀ। ਮਾਸਟਰ ਰਵੀ ਕੁਮਾਰ ਮੰਗਲਾ ਜੀ ਦੀ ਆਵਾਜ਼ ਕੁੱਝ ਨੈੱਟਵਰਕ ਦੀ ਦਿੱਕਤ ਕਰਕੇ ਸਰੋਤਿਆਂ ਤੱਕ ਨਹੀਂ ਪਹੁੰਚ ਪਾਈ। ਪ੍ਰੋਗਰਾਮ ਸੰਚਾਲਕ ਮਹਿੰਦਰ ਸੂਦ ਵਿਰਕ ਜੀ ਨੇ ਕਿਹਾ ਕਿ ਹਰ ਇੱਕ ਵਿਰਸੇ ਵਿਰਾਸਤ ਨੂੰ ਜਿਉਂਦਾ ਰੱਖਣ ਲਈ ਅਤੇ ਹਰ ਇੱਕ ਸਾਹਿਤ ਨੂੰ ਜਿਉਂਦਾ ਰੱਖਣ ਲਈ ਚੰਗੇ ਤੇ ਸੱਚੇ ਕਲਮਕਾਰਾਂ ਦੀ ਬਹੁਤ ਲੋੜ ਹੁੰਦੀ। ਕਿਉਂ ਕਿ ਪਹਿਲਾਂ ਜੋ ਕਲਮਕਾਰ ਸੀ ਜੋ ਲਿਖ ਗਏ ਉਹ ਅੱਜ ਸਾਡੇ ਲਈ ਇਤਿਹਾਸ ਹੈ ਅਤੇ ਹੁਣ ਜੋ ਵੀ ਕਲਮਕਾਰ ਲਿਖ ਰਹੇ ਨੇ ਉਹ ਸਾਡੇ ਆਉਣ ਵਾਲੀ ਪੀੜੀ ਲਈ ਇਤਿਹਾਸ ਬਣ ਕੇ ਰਹਿ ਜਾਏਗਾ। ਇਸੇ ਲਈ ਸਾਨੂੰ ਬਹੁਤ ਲੋੜ ਹੈ ਕਿ ਚੰਗਾ ਸਾਹਿਤ ਪੜੀਏ ਸੁਣੀਏ ਅਤੇ ਚੰਗੇ ਤੋਂ ਚੰਗਾ ਸੇਧ ਵਰਧਕ ਲਿਖ ਕੇ ਇੱਕ ਚੰਗੇ ਸਮਾਜ ਦੇ ਸਿਰਜਣਹਾਰ ਬਣੀਏ।ਪ੍ਰੋਗਰਾਮ ਦੇ ਪ੍ਰਬੰਧਕ ਅਤੇ ਸਾਹਿਤਕ ਅਕਾਦਮੀ ਦੇ ਸਚਿਵ ਇਕਬਾਲ ਸਿੰਘ ਸਹੋਤਾ ਅਤੇ ਸੰਸਥਾਪਕ ਮਾਨ ਸਿੰਘ ਸੁਥਾਰ ਤੇ ਸੰਸਥਾ ਦੇ ਚੇਅਰਮੈਨ ਮੈਡਮ ਸੀਯਾ ਭਾਰਤੀ ਜੀ ਨੇ ਕਵੀ ਦਰਬਾਰ ਵਿੱਚ ਸ਼ਾਮਿਲ ਸਾਰੇ ਕਵੀ ਸਾਹਿਬਾਨ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕਰਨ ਦਾ ਐਲਾਨ ਕੀਤਾ। ਸਾਰੇ ਕਵੀਆਂ ਨੇ ਪੰਜਾਬੀ ਮਾਂ ਬੋਲੀ ਲਈ ਵਚਨਬੱਧ ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਦੇ ਇਸ ਉਪਰਾਲੇ ਦਾ ਦਿਲੋਂ ਸੁਆਗਤ ਕੀਤਾ। ਸੰਚਾਲਕ ਮਹਿੰਦਰ ਸੂਦ ਵਿਰਕ ਜੀ ਨੇ ਅਖ਼ੀਰ ਵਿੱਚ ਸਭ ਕਲਮਕਾਰਾਂ ਨੂੰ ਆਪਣੀ ਮਾਂ ਬੋਲੀ ਪੰਜਾਬੀ ਦੀ ਮਿਠਾਸ ਨਾਲ ਹਰ ਘਰ ਪੰਜਾਬੀਅਤ ਦਾ ਬੂਟਾ ਲਗਾਉਣ ਦਾ ਸੁਨੇਹਾ ਦਿੱਤਾ।

# ਸਰਕਾਰੀ ਮਿਡਲ ਸਕੂਲ ਨਵੀਂ ਅਬਾਦੀ ਨਾਰੰਗਸ਼ਾਹਪੁਰ ਦੀਆਂ ਵਿਦਿਆਰਥਣਾਂ ਨੂੰ ਦਿੱਤੀ ਮਾਰਸ਼ਲ ਆਰਟ ਦੀ ਸਿਖਲਾਈ




ਫਗਵਾੜਾ ( ਸੁਸ਼ੀਲ ਸ਼ਰਮਾ ) ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਰਕਾਰੀ ਮਿਡਲ ਸਕੂਲ ਨਵੀਂ ਅਬਾਦੀ ਨਾਰੰਗਸ਼ਾਹਪੁਰ ਦੀਆਂ ਵਿਦਿਆਰਥਣਾਂ ਨੂੰ ਸਰਕਾਰ ਦੀ ਰਾਣੀ ਲਕਸ਼ਮੀ ਬਾਈ ਯੋਜਨਾ ਤਹਿਤ ਦੋ ਮਹੀਨੇ ਦੀ ਕਰਾਟੇ ਟ੍ਰੇਨਿੰਗ ਦਾ ਕੋਰਸ ਕਰਵਾਇਆ ਗਿਆ। ਸਕੂਲ ਇੰਚਾਰਜ ਪਰਮਦੀਪ ਕੌਰ ਦੀ ਦੇਖ-ਰੇਖ ਹੇਠ ਸੈਣੀ ਇੰਡੀਅਲ ਸਕੂਲ ਆਫ ਸੈਲਫ ਡਿਫੈਂਸ ਕਲੱਬ ਦੇ ਚੀਫ ਕਰਾਟੇ ਕੋਚ ਨਰੇਸ਼ ਕੁਮਾਰ (ਤੀਸਰੀ ਡਿਗਰੀ, ਬਲੈਕ ਬੈਲਟ) ਨੇ ਟ੍ਰੇਨਿੰਗ ਦੇ ਆਖਰੀ ਪੜਾਅ 'ਚ ਕੋਰਸ ਪੂਰਾ ਕਰਨ ਵਾਲੀਆਂ ਲੜਕੀਆਂ ਦੀ ਪ੍ਰਤਿਯੋਗਿਤਾ ਕਰਵਾਈ। ਇਸ ਦੌਰਾਨ ਕਾਤਾ ਮੁਕਾਬਲੇ ਵਿਚ ਗੁਰਸਿਮਰਨ, ਮੰਨਤ ਤੇ ਮਾਨਵੀ ਨੇ ਪਹਿਲੇ ਸਥਾਨ ਤੇ ਰਹਿੰਦਿਆਂ ਗੋਲਡ ਮੈਡਲ ਹਾਸਲ ਕੀਤੇ ਜਦਕਿ ਅੰਜਲੀ ਕੁਮਾਰੀ ਤਨਵੀਰ ਤੇ ਜੱਸੀ ਨੇ ਦੂਸਰਾ ਸਥਾਨ ਤੇ ਸਿਲਵਰ ਮੈਡਲ ਪ੍ਰਾਪਤ ਕੀਤੇ। ਮਾਰਬਲ ਟਾਇਲ ਬ੍ਰੇਕਿੰਗ ਵਿਚ ਜੱਸੀ ਨੇ ਆਪਣੀ ਕਲਾ ਦਾ ਜੌਹਰ ਦਿਖਾਉਂਦੇ ਹੋਏ ਹੱਥਾਂ ਅਤੇ ਸਿਰ ਨਾਲ ਟਾਇਲਾਂ ਤੋੜ ਕੇ ਸਭ ਨੂੰ ਹੈਰਾਨ ਕਰ ਦਿੱਤਾ। ਜਿਸ ਨੂੰ ਗੋਲਡ ਮੈਡਲ ਅਤੇ ਬਲਜੀਤ ਕੁਮਾਰ ਨੂੰ ਸਿਲਵਰ ਮੈਡਲ ਨਾਲ ਨਵਾਜਿਆ ਗਿਆ। ਤੀਸਰਾ ਸਥਾਨ ਪ੍ਰਾਪਤ ਕਰਨ ਵਾਲੇ ਲੱਕ ਦੇਵਨ ਅਤੇ ਵਿਕਾਸ ਕੁਮਾਰ ਨੇ ਕਾਂਸੇ ਦੇ ਮੈਡਲ ਜਿੱਤੇ। ਟਰੇਨਿੰਗ ਲੈਣ ਵਾਲੇ ਸਾਰੇ ਹੀ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੀ ਦਿੱਤੇ ਗਏ। ਕੋਚ ਨਰੇਸ਼ ਕੁਮਾਰ ਨੇ ਸਰਕਾਰ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਹੁਨਰਮੰਦ ਖਿਡਾਰੀਆਂ ਨੂੰ ਲੋੜੀਂਦੀਆਂ ਸਹੂਲਤਾਂ ਵੀ ਦਿੱਤੀਆਂ ਜਾਣ ਤਾਂ ਜੋ ਉਹ ਦੇਸ਼ ਅਤੇ ਦੁਨੀਆ ਵਿਚ ਨਾਮ ਰੌਸ਼ਨ ਕਰ ਸਕਣ। ਸਕੂਲ ਇੰਚਾਰਜ ਪਰਮਦੀਪ ਕੌਰ ਨੇ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਉਹਨਾਂ ਕਿਹਾ ਕਿ ਲੜਕੀਆਂ ਨੂੰ ਪੜ੍ਹਾਈ ਦੇ ਨਾਲ ਹੀ ਆਤਮ ਰੱਖਿਆ ਲਈ ਤਿਆਰ ਕਰਨਾ ਅਜੋਕੇ ਸਮੇਂ ਦੀ ਲੋੜ ਹੈ। ਇਸ ਮੌਕੇ ਸਕੂਲ ਸਟਾਫ ਅਤੇ ਵਿਦਿਆਰਥੀ ਹਾਜਰ ਸਨ।

# ਕਾਨਪੁਰ ਚ ਦੂਜੇ ਵਿਆਹ ਲਈ ਲੜਕੀ ਦਾ ਕਤਲ ਕਰਨ ਦੇ ਦੋਸ਼ ਚ 5 ਖ਼ਿਲਾਫ ਮਾਮਲਾ ਦਰਜ: ਪਤੀ ਸਹੁਰਾ ਗ੍ਰਿਫਤਾਰ



ਕਾਨਪੁਰ। ( ਸੁਨੀਲ ਬਾਜਪਾਈ) ਇੱਥੇ ਦਾਜ ਦੀ ਮੰਗ ਪੂਰੀ ਨਾ ਕਰਨ ਤੇ ਯੂਪੀ ਦਾ ਕਤਲ ਕਰ ਦਿੱਤਾ ਗਿਆ, ਇਸ ਘਟਨਾ ਚ 5 ਲੋਕਾਂ ਤੇ ਮਾਮਲਾ ਦਰਜ, ਪਤੀ ਅਤੇ ਸਹੁਰੇ ਨੂੰ ਗ੍ਰਿਫਤਾਰ ਕਰਕੇ ਜੇਲ੍ਹ ਭੇਜ ਦਿੱਤਾ ਗਿਆ ਹੈ ਗੁਜੈਨੀ ਥਾਣਾ ਖੇਤਰ ਦੇ

ਜਾਣਕਾਰੀ ਮੁਤਾਬਕ ਪ੍ਰਿਅੰਕਾ ਯਾਦਵ ਦੀ ਲਾਸ਼ ਸਵੇਰੇ ਲਟਕਦੀ ਮਿਲੀ। ਉਸ ਦੇ ਸਹੁਰੇ ਉਸ ਨੂੰ ਹੈਲੇਟ ਹਸਪਤਾਲ ਲੈ ਗਏ। ਉਥੋਂ ਪਿਤਾ ਨੇ ਪਿਪੌਰੀ ਪਿੰਡ ਗੁਜੈਨੀ ਵਾਸੀ ਸਤਿਆਨਾਰਾਇਣ ਸਿੰਘ ਨੂੰ ਫੋਨ ਕਰਕੇ ਸੂਚਨਾ ਦਿੱਤੀ। ਜਦੋਂ ਤੱਕ ਪ੍ਰਿਅੰਕਾ ਦਾ ਪਰਿਵਾਰ ਪਹੁੰਚਿਆ, ਉਦੋਂ ਤੱਕ ਉਸ ਦੇ ਸਹੁਰੇ ਉਥੋਂ ਭੱਜ ਚੁੱਕੇ ਸਨ।

ਪੁਲਸ ਮੁਤਾਬਕ ਇਸ ਤੋਂ ਬਾਅਦ ਸਤਿਆਨਾਰਾਇਣ ਸਿੰਘ ਨੇ ਹਨੂੰਮੰਤ ਚ ਆਪਣੇ ਪਤੀ ਰਾਹੁਲ ਯਾਦਵ, ਸਹੁਰਾ ਸ਼ਿਆਮਬਾਬੂ ਯਾਦਵ, ਸੱਸ ਸ਼ਸ਼ੀ ਦੇਵੀ, ਸਾਲੀ ਅਤੇ ਜੀਜਾ ਵਿਨੈ ਯਾਦਵ ਦੇ ਖਿਲਾਫ ਐੱਫ.ਆਈ.ਆਰ. ਵਿਹਾਰ ਥਾਣਾ

ਪਿਤਾ ਦਾ ਕਹਿਣਾ ਹੈ ਕਿ 9 ਜੁਲਾਈ 2024 ਨੂੰ ਬੇਟੀ ਪ੍ਰਿਅੰਕਾ ਦੇ ਵਿਆਹ ਤੋਂ ਬਾਅਦ ਰਾਹੁਲ ਯਾਦਵ, ਜੋ ਕਿ ਆਸਟ੍ਰੇਲੀਆ ਦੀ ਇੱਕ ਕੰਪਨੀ ਵਿੱਚ ਇੰਜੀਨੀਅਰ ਹੈ, ਅਤੇ ਉਸਦੇ ਪਰਿਵਾਰ ਨੇ ਦਾਜ ਵਿੱਚ ਕਾਰ ਅਤੇ ਪਲਾਟ ਦੀ ਮੰਗ ਕਰਨੀ ਸ਼ੁਰੂ ਕਰ ਦਿੱਤੀ। ਉਹ ਵੀ ਇਸੇ ਇਰਾਦੇ ਨਾਲ ਦੁਬਾਰਾ ਵਿਆਹ ਕਰਨਾ ਚਾਹੁੰਦਾ ਸੀ, ਜਿਸ ਕਾਰਨ ਉਸ ਨੇ ਉਸ ਦਾ ਕਤਲ ਕਰ ਦਿੱਤਾ। ਪੁਲਿਸ ਘਟਨਾ ਦੀ ਜਾਂਚ ਕਰ ਰਹੀ ਹੈ।

# 1912 ਦੇ ਕਰਮਚਾਰੀਆਂ ਵੱਲੋਂ ਚੀਫ ਇੰਜੀਨੀਅਰ ਸੈਂਟਰ ਨਾਲ ਕੀਤੀ ਹੱਥੋਂ ਪਾਈ ਦੀ ਨਿਖੇਦੀ




ਲੁਧਿਆਣਾ: (ਸੁਖਚੈਨ ਮਹਿਰਾ, ) ਬਿਜਲੀ ਮੁਲਾਜ਼ਮਾਂ ਦੀ ਟੀ ਐਸ ਯੂਨੀਅਨ ਸੈਂਟਰ ਜੋਨ ਲੁਧਿਆਣਾ ਦੀ ਹੰਗਾਮੀ ਮੀਟਿੰਗ ਸੈਂਟਰ ਜੋਨ ਦੇ ਪ੍ਰਧਾਨ ਸ ਰਜਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਸੈਂਟਰ ਜ਼ੋਨ ਦੇ ਸਕੱਤਰ ਬਲਜੀਤ ਸਿੰਘ ਅਤੇ ਸੁਖਜਿੰਦਰ ਸਿੰਘ, ਟੁੱਕ ਬਹਾਦਰ,ਮਨੀਸ਼ ਕੁਮਾਰ ਭੱਲਾ, ਅਜੇ ਕੁਮਾਰ , ਆਦਿ ਹਾਜ਼ਰ ਸਨ। ਮੀਟਿੰਗ ਵਿੱਚ ਪਿਛਲੇ ਦਿਨੀ ਨੌਡਲ 1912 ਵਾਲੇ ਕਰਮਚਾਰੀਆਂ ਵੱਲੋਂ ਆਪਣੀਆਂ ਮੰਗਾਂ ਦੇ ਸਬੰਧ ਵਿੱਚ ਚੀਫ ਆਫਿਸ ਵਿਖੇ ਧਰਨਾ ਦੇ ਦੌਰਾਨ ਚੀਫ ਇੰਜੀਨੀਅਰ ਸੈਂਟਰ ਨਾਲ ਹੱਥੋ ਪਾਈ ਕਰਨ ਦੀ ਸਖਤ ਨਖੇਦੀ ਕੀਤੀ ਹੈ। ਇਸ ਮੌਕੇ ਆਗੂਆਂ ਨੇ ਕਿਹਾ ਹੈ ਕਿ ਧਰਨਾ ਲਾਉਣਾ ਸੰਵਿਧਾਨਿਕ ਸਭ ਦਾ ਹੱਕ ਹੈ ਪਰ ਕਿਸੇ ਨਾਲ ਹੱਥੋਂ ਪਾਈ ਕਰਨੀ ਸ਼ੋਭਾ ਨਹੀਂ ਦਿੰਦੀ ਇਸਦੀ ਜਿੰਨੀ ਨਿਖੇਦੀ ਕੀਤੀ ਜਾਵੇ ਥੋੜੀ ਹੈ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgieries, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਉਂਟਸ ਨੂੰ ਫਾਲੋ ਕਰੋ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements in Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
•56 Colleges & Schools •200 Merit Positions
•125 Companies For Placements
•75 Academic Courses
•2000 Placements in 2022 - 2023
•42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565